ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 20 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੭ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਜਲੰਧਰ ’ਚ ਦੁਬਈ ਤੋਂ ਵੀ ਵੱਧ ਗਰਮੀ !

# 42 ਡਿਗਰੀ ਪੁੱਜਾ ਤਾਪਮਾਨ

**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਗਰਮੀ ਨੇ ਆਪਣਾ ਕਹਿਰ ਵਰ੍ਹਾਉਣਾ ਸ਼ੁਰੂ ਕਰ ਦਿੱਤਾ ਹੈ। ਜਲੰਧਰ ਵਿਚ ਦੁਬਈ ਤੋਂ ਵੀ ਵੱਧ ਗਰਮੀ ਪੈ ਰਹੀ ਹੈ। ਦੁਬਈ ਵਿਚ ਜਿੱਥੇ ਤਾਪਮਾਨ 36 ਡਿਗਰੀ ਦੇ ਪਾਰ ਪਹੁੰਚਿਆ ਹੈ, ਉਥੇ ਹੀ ਜਲੰਧਰ ਵਿਚ ਤਾਪਮਾਨ 42 ਡਿਗਰੀ ਤੱਕ ਪਹੁੰਚ ਗਿਆ ਹੈ। ਐਤਵਾਰ ਦੁਪਹਿਰ ਨੂੰ ਮਹਾਨਗਰ ਜਲੰਧਰ ਦਾ ਵੱਧ ਤੋਂ ਵੱਧ ਤਾਪਮਾਨ 42 ਡਿਗਰੀ ਪਹੁੰਚ ਗਿਆ, ਜਿਸ ਕਾਰਨ ਸੜਕਾਂ ’ਤੇ ਸੰਨਾਟਾ ਨਜ਼ਰ ਆਇਆ ਅਤੇ ਲੋਕ ਆਪਣੇ ਘਰਾਂ ਵਿਚ ਤੜੇ ਰਹਿਣ ’ਤੇ ਮਜਬੂਰ ਹੋ ਗਏ। ਇਸ ਕਾਰਨ ਐਤਵਾਰ ਨੂੰ ਸੰਡੇ ਬਾਜ਼ਾਰ ਵਿਚ ਆਮ ਨਾਲੋਂ ਘੱਟ ਗਾਹਕ ਵੇਖਣ ਨੂੰ ਮਿਲੇ ਅਤੇ ਸ਼ਾਮ ਦੇ ਸਮੇਂ ਚੌਪਾਟੀ ’ਤੇ ਵੀ ਰੌਣਕ ਘੱਟ ਰਹੀ। ਭਿਆਨਕ ਗਰਮੀ ਕਾਰਨ ਲੋਕ ਆਪਣੇ ਘਰਾਂ ਵਿਚੋਂ ਬਾਹਰ ਨਿਕਲਣ ਤੋਂ ਪ੍ਰਹੇਜ਼ ਕਰ ਰਹੇ ਹਨ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਪਾਕਿਸਤਾਨ ਨਾਲ ਹਾਲਾਤ ਵਿਚ ਸੁਧਾਰ ਹੋਣ ਕਾਰਨ ਗਾਹਕ ਆਉਣੇ ਸ਼ੁਰੂ ਹੋ ਗਏ ਹਨ ਪਰ ਹੁਣ ਗਰਮੀ ਦਿੱਕਤਾਂ ਪੈਦਾ ਕਰ ਰਹੀ ਹੈ। ਇਸ ਦੇ ਨਾਲ ਹੀ ਆਉਣ



ਵਾਲੇ ਦਿਨਾਂ ਵਿਚ ਗਰਮੀ ਦਾ ਕਹਿਰ ਵਧਦਾ ਹੋਇਆ ਨਜ਼ਰ ਆਵੇਗਾ। ਉਥੇ ਹੀ ਮੌਸਮ ਵਿਭਾਗ ਵੱਲੋਂ ਹਨ੍ਹੇਰੀ-ਤੂਫ਼ਾਨ ਅਤੇ ਮੀਂਹ ਨੂੰ ਲੈ ਕੇ ਪੂਰੇ ਹਫ਼ਤੇ ਲਈ ‘ਯੈਲੋ ਅਲਰਟ’ ਐਲਾਨਿਆ ਹੈ। ਇਸ ਹਫ਼ਤੇ ਵਿਚ ਲੋਕਾਂ ਨੂੰ ਥੋੜ੍ਹੀ ਰਾਹਤ ਮਿਲ ਸਕਦੀ ਹੈ। ਉਕਤ ‘ਯੈਲੋ ਅਲਰਟ’ 19 ਤੋਂ ਲੈ ਕੇ 24 ਮਈ ਤੱਕ ਜਾਰੀ ਰਹੇਗਾ, ਜਦਕਿ ਇਸ ਤੋਂ ਬਾਅਦ ਵੀ ਮੌਸਮ ਵਿਚ ਰਾਹਤ ਦੀ ਉਮੀਦ ਘੱਟ ਹੀ ਦੱਸੀ ਜਾ ਰਹੀ ਹੈ। ਵਿਭਾਗੀ ਜਾਣਕਾਰਾਂ ਦਾ ਕਹਿਣਾ ਹੈ ਕਿ 3 ਦਿਨਾਂ ਬਾਅਦ ਅੰਕੜਿਆਂ ਵਿਚ ਬਦਲਾਅ ਹੋ ਸਕਦਾ ਹੈ। ਮੌਸਮ ਵਿਭਾਗ ਵੱਲੋਂ 18 ਤੋਂ 24 ਮਈ ਤਕ ਸੂਬੇ ਦੇ ਮੌਸਮ ਦੀ ਪੇਸ਼ਨਗੋਈ ਕੀਤੀ ਗਈ ਹੈ ਅਤੇ ਇਸ ਪੂਰੇ ਹਫ਼ਤੇ ਸੂਬੇ ਵਿਚ ਮੀਂਹ-ਹਨ੍ਹੇਰੀ ਦਾ ਸੰਭਾਵਨਾ ਜਤਾਈ ਹੈ। ਮੌਸਮ ਵਿਭਾਗ ਮੁਤਾਬਕ ਅੱਜ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ, ਜਲੰਧਰ, ਰੂਪਨਗਰ, ਐੱਸ.ਏ.ਐੱਸ.ਨਗਰ, ਫ਼ਤਹਿਗੜ੍ਹ ਸਾਹਿਬ ਅਤੇ ਪਟਿਆਲਾ ਵਿਚ ਮੀਂਹ ਦੇ ਅਸਾਰ ਹਨ। ਇਸ ਦੇ ਨਾਲ ਹੀ ਇਨ੍ਹਾਂ ਜ਼ਿਲ੍ਹਿਆਂ ਵਿਚ ਹਨੇਰੀ-ਤੂਫ਼ਾਨ ਦੀ ਵੀ ਸੰਭਾਵਨਾ ਹੈ, ਜਿਸ ਦੇ ਮੱਦੇਨਜ਼ਰ ਵਿਭਾਗ ਨੇ ਇੱਥੇ ਯੈਲੋ ਅਲਰਟ ਜਾਰੀ ਕੀਤਾ ਹੈ। ਇਸੇ ਤਰ੍ਹਾਂ ਭਲਕੇ ਯਾਨੀ 20 ਮਈ ਨੂੰ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਵਿਚ ਮੀਂਹ-ਹਨੇਰੀ ਦੀ ਸੰਭਾਵਨਾ ਹੈ।




## ਮੌਤਾਂ ਦੇ ਮਾਮਲੇ ’ਚ ਪੰਜਾਬ ਦੇਸ਼ ਭਰ ’ਚੋਂ ਮੋਹਰੀ

**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਜਨਮ ਅਤੇ ਮੌਤ ਦੇ ਰਿਕਾਰਡ ਨੂੰ ਸਮੇਂ ਸਿਰ ਦਰਜ ਕਰਨ ਵਿੱਚ ਪੰਜਾਬ ਨੇ ਦੇਸ਼ ਦੇ ਕਈ ਰਾਜਾਂ ਨਾਲੋਂ ਬਿਹਤਰ ਪ੍ਰਦਰਸ਼ਨ ਕੀਤਾ ਹੈ। ਸੂਬੇ ਨੇ 21 ਦਿਨਾਂ ਦੀ ਨਿਰਧਾਰਤ ਸਮੇਂ ਸੀਮਾ ਦੇ ਅੰਦਰ ਮੌਤ ਰਜਿਸਟ੍ਰੇਸ਼ਨ ਵਿੱਚ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਜਦੋਂ ਕਿ ਜਨਮ ਰਜਿਸਟ੍ਰੇਸ਼ਨ ਵਿੱਚ ਇਸਨੇ 9ਵਾਂ ਸਥਾਨ ਪ੍ਰਾਪਤ ਕੀਤਾ ਹੈ। ਪੰਜਾਬ ਨੇ ਆਪਣੇ ਗੁਆਂਢੀ ਰਾਜਾਂ ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ ਅਤੇ ਜੰਮੂ-ਕਸ਼ਮੀਰ ਨਾਲੋਂ ਬਿਹਤਰ ਪ੍ਰਦਰਸ਼ਨ ਕੀਤਾ ਹੈ। ਇਹ ਗੱਲ ਭਾਰਤ ਸਰਕਾਰ ਦੇ ਰਜਿਸਟਰਾਰ ਜਨਰਲ ਦਫ਼ਤਰ ਵੱਲੋਂ ਸਿਵਲ ਰਜਿਸਟ੍ਰੇਸ਼ਨ ਸਿਸਟਮ ਅਧੀਨ ਜਾਰੀ ਕੀਤੇ ਗਏ ਅੰਕੜਿਆਂ ਵਿੱਚ ਸਾਹਮਣੇ ਆਈ ਹੈ। ਇਸ ਵਿੱਚ ਦੇਸ਼ ਦੇ 27 ਰਾਜ ਅਤੇ 8 ਕੇਂਦਰ ਸ਼ਾਸਤ ਪ੍ਰਦੇਸ਼ ਸ਼ਾਮਲ ਹਨ, ਪਰ ਸਿੱਕਮ ਇਸ ਵਿੱਚ ਸ਼ਾਮਲ ਨਹੀਂ ਹੈ। ਸਾਲ 2021 ਵਿੱਚ, ਪੰਜਾਬ ਨੇ 21 ਦਿਨਾਂ ਦੀ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਮੌਤ ਰਜਿਸਟ੍ਰੇਸ਼ਨ ਦੇ ਮਾਮਲੇ ਵਿੱਚ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸ ਸਮੇਂ ਦੌਰਾਨ ਰਾਜ ਵਿੱਚ ਕੁੱਲ 2,69,605 ਮੌਤਾਂ ਦਰਜ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ 2,65,840 (98.6%) ਮਾਮਲੇ ਰਿਕਾਰਡ ਸਮੇਂ ਵਿੱਚ ਦਰਜ ਕੀਤੇ ਗਏ। ਇਸ ਤੋਂ ਪਹਿਲਾਂ 2020 ਵਿੱਚ ਵੀ ਪੰਜਾਬ ਨੇ ਇਸ ਸ਼੍ਰੇਣੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ, ਉਦੋਂ ਇਹ ਅੰਕੜਾ 98.8% ਸੀ। ਜਨਮ ਰਜਿਸਟ੍ਰੇਸ਼ਨ ਦੀ ਗੱਲ ਕਰੀਏ ਤਾਂ 2021 ਵਿੱਚ ਪੰਜਾਬ ਵਿੱਚ ਕੁੱਲ 3,86,004 ਬੱਚੇ ਪੈਦਾ ਹੋਏ ਸਨ, ਜਿਨ੍ਹਾਂ ਵਿੱਚੋਂ 3,72,545 (96.5%) ਬੱਚੇ 21 ਦਿਨਾਂ ਦੇ ਅੰਦਰ ਰਜਿਸਟਰ ਕੀਤੇ ਗਏ ਸਨ।

## ਗੈਰ ਪੰਜਾਬੀ ਲੈਣਗੇ ਪੰਜਾਬ ਦੇ ਪੈਸਿਆਂ ’ਤੇ ਨਜ਼ਾਰੇ... ! ਮੁੱਖ ਮੰਤਰੀ ਮਾਨ ਨੇ ਮੁੜ ‘ਦਿੱਲੀ ਆਲੇ’ ਕੀਤੇ ਖ਼ੁਸ਼, ‘ਇਸਨੂੰ ਹੀ ਬਦਲਾਅ ਕਿਹਾ ਜਾਂਦਾ’

**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸ ਤਹਿਤ ਸੋਮਵਾਰ ਨੂੰ ਕਈ ਵਿਭਾਗਾਂ, ਕਾਰਪੋਰੇਸ਼ਨ ਅਤੇ ਬੋਰਡ ਦੇ ਚੇਅਰਮੈਨ, ਡਾਇਰੈਕਟਰ ਅਤੇ ਮੈਂਬਰ ਨਿਯੁਕਤ ਕੀਤੇ ਹਨ। ਇਸ ਤਹਿਤ 31 ਲੋਕਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਨੂੰ ਲੈ ਕੇ ਹੁਣ ਸਵਾਲ ਖੜ੍ਹੇ ਹੋ ਰਹੇ ਹਨ। ਇਸ ਮੌਕੇ ਇਲਜ਼ਾਮ ਲੱਗ ਰਹੇ ਹਨ ਕਿ ਗੈ.ਰ ਪੰਜਾਬੀਆਂ ਨੂੰ ਵੱਡੇ ਅਹੁਦਿਆਂ ਉੱਤੇ ਬਿਠਾਇਆ ਗਿਆ ਹੈ। ਇਸ ਮੌਕੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਭਗਵੰਤ ਮਾਨ ਦਾ ਕਿੰਨਾ ਵੱਡਾ ਮਾਸਟਰਸਟ੍ਰੋਕ, ਦੀਪਕ ਚੌਹਾਨ – ਆਮ ਆਦਮੀ ਪਾਰਟੀ ਦੇ ਬੈਕਰੂਮ ਬੌਸ ਸੰਦੀਪ ਪਾਠਕ ਦੇ ਸਾਬਕਾ ਪੀ. ਏ. ਜੋ ਕਿ ਯੂ. ਪੀ. ਤੋਂ ਹਨ, ਅੱਜ ਉਹ ਪੰਜਾਬ ਦੇ ਵੱਡੇ ਉਦਯੋਗਿਕ ਵਿਕਾਸ ਬੋਰਡ ਦੇ ਚੇਅਰਮੈਨ ਲਗਾਏ ਗਏ ਹਨ। ਕੀ ਕੋਈ ਉਦਯੋਗਿਕ ਤਜਰਬਾ ਹੈ ? ਪੰਜਾਬੀ ਨਹੀਂ ? ਯੋਗਤਾ ਤੋਂ ਵੱਧ ਵਫ਼ਾਦਾਰੀ ? ਅਤੇ ਹਾਂ, ਸਾਰੇ ਭੱਤੇ ਪੰਜਾਬੀਆਂ ਦੇ ਮਿਹਨਤ ਨਾਲ ਕਮਾਏ ਟੈਕਸਾਂ ਦੁਆਰਾ ਫੰਡ ਕੀਤੇ ਜਾਣਗੇ। ਇਸ ਦੌਰਾਨ, ਰੀਨਾ ਗੁਪਤਾ – ਇੱਕ ਹੋਰ ਗੈਰ-ਪੰਜਾਬੀ ਅਤੇ ਦਿੱਲੀ SEIAA ਦੀ ਸਾਬਕਾ ਮੈਂਬਰ – ਹੁਣ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਲਗਾਈ ਗਈ ਹੈ। ਭਾਈ-ਭਤੀਜਾਵਾਦ ? ਨਹੀਂ ਨਹੀਂ... ਇਸਨੂੰ ਬਦਲਾਅ ਕਿਹਾ ਜਾਂਦਾ ਹੈ। ਸੁਖਪਾਲ ਸਿੰਘ ਖਹਿਰਾ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਭਗਵੰਤ ਮਾਨ ਵੱਲੋਂ Double Blunder ! ਪੰਜਾਬ ਵਰਗੇ ਸ਼ਾਨਦਾਰ ਸੂਬੇ ਨੂੰ ਮੁਕੰਮਲ ਤੌਰ ਤੇ ਅਰਵਿੰਦ ਕੇਜਰੀਵਾਲ ਅਤੇ ਦਿੱਲੀ ਦੇ ਹਵਾਲੇ ਕਰ ਦਿੱਤਾ ਹੈ ! ਇੱਕ ਗੈਰ ਪੰਜਾਬੀ ਨੂੰ ਇੰਡਸਟਰੀਅਲ ਬੋਰਡ ਦਾ ਚੇਅਰਮੈਨ ਨਿਯੁਕਤ ਕਰਨ ਦੀ ਗੰਭੀਰ ਗਲਤੀ ਕਰਨ ਤੋਂ ਬਾਅਦ, ਹੁਣ ਉਸ ਨੇ ਸਭ ਤੋਂ ਮਹੱਤਵਪੂਰਨ ਅਹੁਦਾ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ, ਰੀਨਾ ਗੁਪਤਾ ਨੂੰ ਸੌਂਪ ਦਿੱਤਾ ਹੈ, ਜੋ ਆਮ ਆਦਮੀ ਪਾਰਟੀ ਦਿੱਲੀ ਦੀ ਸਕੱਤਰ ਤੇ ਦਿੱਲੀ ਸਰਕਾਰ ਦੀ ਸਾਬਕਾ ਸਲਾਹਕਾਰ ਹੈ ! ਦੋਵੇਂ ਨਿਯੁਕਤੀਆਂ ਸਪੱਸ਼ਟ ਤੌਰ ’ਤੇ ਦਰਸਾਉਂਦੀਆਂ ਹਨ ਕਿ ਕੇਜਰੀਵਾਲ ਆਪਣੇ ਹੱਥਧੋਕਿਆਂ ਰਾਹੀਂ ਪੰਜਾਬ ਦੇ ਉਦਯੋਗ ਨੂੰ ਨਿਯੰਤਰਿਤ ਕਰਨਾ ਚਾਹੁੰਦਾ ਹੈ ਤਾਂ ਜੋ ਉਹਨਾਂ ਦੀ ਲੁੱਟ ’ਤੇ ਕੋਈ ਰੋਕ ਨਾ ਹੋਵੇ ! ਮੈਂ ਭਗਵੰਤ ਮਾਨ ਤੋਂ ਸਪੱਸ਼ਟੀਕਰਨ ਦੀ ਮੰਗ ਕਰਦਾ ਹਾਂ ਕਿ ਉਹ ਪੰਜਾਬ ਨੂੰ ਬਾਹਰੀ ਲੋਕਾਂ ਦੇ ਹਵਾਲੇ ਕਿਉਂ ਕਰ ਰਿਹਾ ਹੈ ?

## Operation Sindoor ਤੋਂ ਬਾਅਦ ਸਖ਼ਤ ਐਕਸ਼ਨ, ਭਾਰਤ ਦੇ ਸਟੇਡੀਅਮ ’ਚੋਂ ਹਟਾਈਆਂ ਗਈਆਂ ਪਾਕਿਸਤਾਨੀ ਕ੍ਰਿਕਟਰਾਂ ਦੀਆਂ ਤਸਵੀਰਾਂ

**ਨਵੀਂ ਦਿੱਲੀ, 19 ਮਈ (ਆਵਾਜ਼ਿ ਕੌਮ ਬਿਊਰੋ)**-ਜੈਪੁਰ ਦੇ ਸਵਾਈ ਮਾਨ ਸਿੰਘ ਸਟੇਡੀਅਮ ਨੇ ਆਪਣੀ ਵਾਲ ਆਫ ਗੈਲਰੀ ਤੋਂ ਪਾਕਿਸਤਾਨੀ ਕ੍ਰਿਕਟੇਰਾਂ ਦੀ ਤਸਵੀਰ ਨੂੰ ਹਟਾ ਦਿੱਤਾ ਹੈ।



ਇਸ ਸਟੇਡੀਅਮ ਦੀ ਸਥਾਪਨਾ 1960 ਵਿੱਚ ਹੋਈ ਸੀ, ਇਸ ਦੇ ਸ਼ਾਨਦਾਰ ਇਤਿਹਾਸ ਨੂੰ ਦੇਖਦਿਆਂ ਹੋਇਆਂ Wall of Gallery ’ਤੇ ਤਸਵੀਰ ਹੋਣਾ ਕਿਸੇ ਵੀ ਕ੍ਰਿਕਟਰ ਲਈ ਬਹੁਤ ਵੱਡੇ ਮਾਣ ਵਾਲੀ ਗੱਲ ਹੈ। ਦੱਸ ਦਈਏ ਕਿ ਇੱਥੇ ਖੇਡਣ ਵਾਲੇ ਹਰ ਕ੍ਰਿਕੇਟਰ ਦੀ ਮੈਦਾਨ ਵਿੱਚ ਤਸਵੀਰ ਲਾਈ ਜਾਂਦੀ ਹੈ, ਭਾਰਤ-ਪਾਕਿਸਤਾਨ ਤਣਾਅ ਤੋਂ ਬਾਅਦ ਸਾਰੇ ਪਾਕਿਸਤਾਨੀ ਕ੍ਰਿਕਟੇਰਾਂ ਦੀ ਤਸਵੀਰ ਹਟਾ ਦਿੱਤੀ ਗਈ ਹੈ। ਦੱਸ ਦਈਏ ਕਿ ਪਾਕਿਸਤਾਨ ਟੀਮ ਨੇ ਇਸ ਮੈਦਾਨ ’ਚ ਇੱਕ ਟੈਸਟ ਅਤੇ 4 ਵਨਡੇ ਮੈਚ ਖੇਡੇ ਹਨ, ਜਿਸ ਵਿੱਚ ਕੁੱਲ 25 ਪਾਕਿਸਤਾਨੀ ਕ੍ਰਿਕਟਰ ਖੇਡੇ ਸਨ। ਇਸ ਵਿੱਚ ਪਾਕਿਸਤਾਨ ਲਈ ਖੇਡਣ ਵਾਲੇ ਆਖਰੀ ਹਿੰਦੂ ਕ੍ਰਿਕਟਰ ਦਾਨਿਸ਼ ਕਨੇਰੀਆ ਦਾ ਨਾਮ ਵੀ ਸ਼ਾਮਲ ਹੈ। ਇਹ ਫੈਸਲਾ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਰਹੱਦ ’ਤੇ ਵਧਦੇ ਤਣਾਅ ਕਾਰਨ ਲਿਆ ਗਿਆ ਹੈ। ਤੁਹਾਨੂੰ ਦੱਸ ਦਈਏ ਕਿ ਭਾਰਤ ਸਰਕਾਰ ਨੇ ਕਈ ਪਾਕਿਸਤਾਨੀ ਮਸ਼ਹੂਰ ਹਸਤੀਆਂ ਦੇ ਸੋਸ਼ਲ ਮੀਡੀਆ ਅਕਾਊਂਟਸ ’ਤੇ ਵੀ ਪਾਬੰਦੀ ਲਗਾ ਦਿੱਤੀ ਹੈ, ਜਿਨ੍ਹਾਂ ਵਿੱਚ ਕਈ ਮੌਜੂਦਾ ਅਤੇ ਸਾਬਕਾ ਕ੍ਰਿਕਟਰ ਵੀ ਸ਼ਾਮਲ ਹਨ। ਇਹ ਪਹਿਲੀ ਵਾਰ ਨਹੀਂ ਹੋਇਆ ਹੈ ਜਦੋਂ ਪਾਕਿਸਤਾਨੀ ਖਿਡਾਰੀਆਂ ਦੇ ਨਾਮ ’ਵਾਲ ਆਫ਼ ਗਲੋਰੀ’ ਤੋਂ ਹਟਾਏ ਗਏ ਹੋਣ। 2019 ਵਿੱਚ ਪੁਲਵਾਮਾ ਹਮਲੇ ਤੋਂ ਬਾਅਦ ਵੀ ਅਜਿਹਾ ਹੀ ਫੈਸਲਾ ਲਿਆ ਗਿਆ ਸੀ। ਰਾਜਸਥਾਨ ਕ੍ਰਿਕਟ ਐਸੋਸੀਏਸ਼ਨ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰਕੇ ਕਿਹਾ, “ਇੱਥੇ ਖੇਡਣ ਵਾਲੇ ਸਾਰੇ ਅੰਤਰਰਾਸ਼ਟਰੀ ਖਿਡਾਰੀਆਂ ਦੇ ਨਾਮ ਸਟੇਡੀਅਮ ਵਿੱਚ ਪ੍ਰਦਰਸ਼ਿਤ ਕੀਤੇ ਗਏ ਹਨ। ਇਨ੍ਹਾਂ ਤੋਂ ਪਾਕਿਸਤਾਨੀ ਖਿਡਾਰੀਆਂ ਦੀਆਂ ਫੋਟੋਆਂ ਹਟਾ ਦਿੱਤੀਆਂ ਗਈਆਂ ਹਨ।” ਬਹੁਤ ਸਾਰੇ ਲੋਕਾਂ ਨੂੰ ਦਾਨਿਸ਼ ਕਨੇਰੀਆ ਦੀ ਫੋਟੋ ਹਟਾਉਣਾ ਇੱਕ ਹੈਰਾਨ ਕਰਨ ਵਾਲਾ ਫੈਸਲਾ ਲੱਗ ਸਕਦਾ ਹੈ ਕਿਉਂਕਿ ਉਹ ਲਗਾਤਾਰ ਪਾਕਿਸਤਾਨੀ ਸਰਕਾਰ ਅਤੇ ਵੱਡੇ ਨੇਤਾਵਾਂ ਵਿਰੁੱਧ ਆਵਾਜ਼ ਬੁਲੰਦ ਕਰਦੇ ਆ ਰਹੇ ਹਨ। ਅਕਸਰ ਸੋਸ਼ਲ ਮੀਡੀਆ ’ਤੇ, ਲੋਕ ਉਸਨੂੰ ਪਾਕਿਸਤਾਨ ਵਿਰੋਧੀ ਅਤੇ ਭਾਰਤ ਦਾ ਸ਼ੁਭਚਿੰਤਕ ਕਹਿੰਦੇ ਹਨ। ਦਾਨਿਸ਼ ਕਨੇਰੀਆ ਨੇ ਕਿਹਾ ਕਿ ਆਪਣੇ ਕ੍ਰਿਕਟ ਕਰੀਅਰ ਦੌਰਾਨ, ਇੰਜਮਾਮ-ਉਲ-ਹੱਕ ਉਨ੍ਹਾਂ ਕੁਝ ਕ੍ਰਿਕਟਰਾਂ ਵਿੱਚੋਂ ਇੱਕ ਸਨ ਜਿਹੜੇ ਉਨ੍ਹਾਂ ਨੂੰ ਖੁੱਲ੍ਹ ਕੇ ਸਪੋਰਟ ਕਰਦੇ ਸਨ।

## ਧਰੁਵ ਰਾਠੀ ਨੇ ਸਿੱਖ ਗੁਰੂਆਂ ’ਤੇ ਬਣਾਈ ਏ.ਆਈ. ਵੀਡੀਓ ਹਟਾਈ, ਸ਼੍ਰੋਮਣੀ ਕਮੇਟੀ ਨੇ ਜਤਾਇਆ ਸੀ ਸਖ਼ਤ ਇਤਰਾਜ਼

**ਨਵੀਂ ਦਿੱਲੀ, 19 ਮਈ (ਆਵਾਜ਼ਿ ਕੌਮ ਬਿਊਰੋ)**-ਯੂਟਿਊਬਰ ਧਰੁਵ ਰਾਠੀ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਮਦਦ ਨਾਲ ਬਣਾਈ ਗਈ ਸਿੱਖ ਗੁਰੂਆਂ ’ਤੇ ਇੱਕ ਵੀਡੀਓ ਹਟਾ ਦਿੱਤਾ ਹੈ। ਯੂਟਿਊਬ ’ਤੇ ਵੀਡੀਓ ਅਪਲੋਡ ਹੋਣ ਤੋਂ ਬਾਅਦ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC) ਨੇ ਇਸ ’ਤੇ ਇਤਰਾਜ਼ ਜਤਾਇਆ ਸੀ। ਇਸ ਦੇ ਨਾਲ ਹੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (DSGPC) ਨੇ ਯੂਟਿਊਬਰ ਵਿਰੁੱਧ ਦਿੱਲੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ। ਵਿਵਾਦ ਵਧਣ ਤੋਂ ਬਾਅਦ, ਯੂਟਿਊਬਰ ਨੇ ਇੱਕ ਵੀਡੀਓ ਜਾਰੀ ਕੀਤਾ ਅਤੇ ਕਿਹਾ ਸੀ ਕਿ ਸਿੱਖ ਭਾਈਚਾਰੇ ਦੇ ਲੋਕਾਂ ਦਾ ਕਹਿਣਾ ਹੈ ਕਿ ਵੀਡੀਓ ਵਿੱਚ ਸਿੱਖ ਗੁਰੂਆਂ ਨੂੰ ਐਨੀਮੇਸ਼ਨ ਵਿੱਚ ਦਿਖਾਉਣਾ ਗ਼ਲਤ ਹੈ। ਲੋਕ ਮੈਨੂੰ ਸੋਸ਼ਲ ਮੀਡੀਆ ’ਤੇ ਆਪਣੀ ਰਾਏ ਦੇ ਸਕਦੇ ਹਨ। ਇਸ ਤੋਂ ਬਾਅਦ ਮੈਂ ਵੀਡੀਓ ਮਿਟਾ ਦਿਆਂਗਾ ਜਾਂ ਕੋਈ ਹੋਰ ਕਾਰਵਾਈ ਕਰਾਂਗਾ। ਇਸ ਤੋਂ ਥੋੜ੍ਹੀ ਦੇਰ ਬਾਅਦ ਯੂਟਿਊਬਰ ਨੇ ਵੀਡੀਓ ਨੂੰ ਡਿਲੀਟ ਕਰ ਦਿੱਤਾ। ਜ਼ਿਕਰ ਕਰ ਦਈਏ ਕਿ ਯੂਟਿਊਬਰ ਧਰੁਵ ਰਾਠੀ ਵੱਲੋਂ ਸਿੱਖ ਗੁਰੂਆਂ ’ਤੇ ਬਣਾਈ ਗਈ ਵੀਡੀਓ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ। ਧਰੁਵ ਰਾਠੀ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਵਰਤੋਂ ਕਰਦੇ ਹੋਏ ਸਿੱਖ ਗੁਰੂਆਂ, ਸ਼ਹੀਦ ਯੋਧਿਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਐਨੀਮੇਸ਼ਨ ਚਲਾ ਕੇ “TThe Sikh Warrior Who Terrified the Mughals” ’ਤੇ ਇੱਕ ਵੀਡੀਓ ਬਣਾਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ’ਤੇ ਇਤਰਾਜ਼ ਜਤਾਇਆ ਹੈ। ਇਸ ਤੋਂ ਇਲਾਵਾ ਸਿਆਸੀ ਧਿਰਾਂ ਵੱਲੋਂ ਵੀ ਇਸ ਖ਼ਿਲਾਫ਼ ਵਿਰੋਧ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਧਰੁਵ ਰਾਠੀ ਵਿਰੁੱਧ ਦਿੱਲੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ। DSGMC ਦੇ ਸਾਬਕਾ ਪ੍ਰਧਾਨ ਤੇ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ, “ਧਰੁਵ ਰਾਠੀ ਨੇ ਸਿੱਖ ਇਤਿਹਾਸ ਅਤੇ ਭਾਵਨਾਵਾਂ ਦਾ ਅਪਮਾਨ ਕੀਤਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਰੋਂਦੇ ਬੱਚੇ ਵਜੋਂ ਦਰਸਾਉਣਾ ਸਿੱਖ ਧਰਮ ਦੀ ਭਾਵਨਾ ਦਾ ਅਪਮਾਨ ਹੈ। ਉਸ ਵਿਰੁੱਧ ਧਾਰਾ 295ਏ (ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ) ਤਹਿਤ ਮਾਮਲਾ ਦਰਜ ਕੀਤਾ ਜਾਣਾ ਚਾਹੀਦਾ ਹੈ।” ਇਸ ਤੋਂ ਇਲਾਵਾ SGPC ਦੇ ਜਨਰਲ ਸਕੱਤਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਸਿੱਖਾਂ ਨੂੰ ਆਪਣਾ ਇਤਿਹਾਸ ਜਾਣਨ ਲਈ ਧਰੁਵ ਰਾਠੀ ਦੇ ਏਆਈ-ਅਧਾਰਤ ਵੀਡੀਓ ਦੀ ਕੋਈ ਲੋੜ ਨਹੀਂ ਹੈ। ਧਰੁਵ ਰਾਠੀ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਨਾਲ ਸਬੰਧਤ ਕਈ ਮਹੱਤਵਪੂਰਨ ਇਤਿਹਾਸਕ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਦਰਬਾਰ ਸਾਹਿਬ ’ਤੇ ਹਮਲੇ ਦੀ ਕੋਸ਼ਿਸ਼ ਵਾਲਾ ਬਿਆਨ ਵਿਸ਼ਵਾਸ਼ਯੋਗ ਨਹੀਂ, ਇਹ ਸਿਆਸੀ ਲਾਹਾ....., ਫੌਜ ਦੇ ਬਿਆਨ ’ਤੇ SGPC ਨੂੰ ਨਹੀਂ ਭਰੋਸਾ

**ਅੰਮ੍ਰਿਤਸਰ, 19 ਮਈ (ਆਵਾਜ਼ਿ ਕੌਮ ਬਿਊਰੋ)**-ਆਪ੍ਰੇਸ਼ਨ ਸਿੰਦੂਰ ਤਹਿਤ ਹਵਾਈ ਹਮਲੇ ਤੋਂ ਬਾਅਦ ਪਾਕਿਸਤਾਨੀ ਫੌਜ ਨੇ ਅੰਮ੍ਰਿਤਸਰ ਵਿੱਚ ਸਥਿਤ ਸ੍ਰੀ ਹਰਿਮੰਦਰ ਸਾਹਿਬ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਸੀ। ਜਦੋਂ ਪਾਕਿਸਤਾਨੀ ਫੌਜ ਤਿੰਨ ਦਿਨਾਂ ਤੱਕ ਛਾਉਣੀ ਤੇ ਏਅਰਬੇਸ ਨੂੰ ਨਿਸ਼ਾਨਾ ਬਣਾਉਣ ਵਿੱਚ ਅਸਮਰੱਥ ਰਹੀ ਤਾਂ ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਵੱਲ ਮਿਜ਼ਾਈਲਾਂ ਦਾਗੀਆਂ। ਹਾਲਾਂਕਿ, ਫੌਜ ਦੇ ਹਵਾਈ ਰੱਖਿਆ ਪ੍ਰਣਾਲੀ ਨੇ ਉਨ੍ਹਾਂ ਦੀਆਂ ਮਿਜ਼ਾਈਲਾਂ ਨੂੰ ਹਵਾ ਵਿੱਚ ਹੀ ਬੇਅਸਰ ਕਰ ਦਿੱਤਾ। ਇਸ ਗੱਲ ਦਾ ਖ਼ੁਲਾਸਾ ਭਾਰਤੀ ਫੌਜ ਵੱਲੋਂ ਕੀਤਾ ਗਿਆ ਗਿਆ ਹੈ। ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਕੁਲਵੰਤ ਸਿੰਘ ਮਾਨ ਨੇ ਫੌਜ ਦੇ ਖੁਲਾਸੇ ਨੂੰ ਝੂਠਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਹੈ ਕਿ ਫੌਜ ਭਾਵੇਂ ਪਾਕਿਸਤਾਨ ਦੀ ਹੋਵੇ ਜਾਂ ਭਾਰਤ ਦੀ, ਕੋਈ ਵੀ ਸ੍ਰੀ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾਉਣ ਬਾਰੇ ਸੋਚ ਵੀ ਨਹੀਂ ਸਕਦਾ। ਮਾਨ ਕਿਹਾ ਕਿ ਇਹ ਉਨ੍ਹਾਂ ਦਾ ਕੋਈ ਸਿਆਸੀ ਉਦੇਸ਼ ਹੋ ਸਕਦਾ ਹੈ। ਕੋਈ ਵੀ ਫੌਜ ਇੱਥੇ ਹਮਲਾ ਕਰਨ ਦੀ ਸੋਚ ਨਹੀਂ ਸਕਦੀ, ਇੱਥੇ ਤਾਂ ਜੀਵਨ ਦਿੱਤਾ ਜਾਂਦਾ ਹੈ। ਸੰਗਤ ਲੱਖਾਂ ਦੀ ਗਿਣਤੀ ਵਿੱਚ ਆ ਰਹੀ ਹੈ, ਕਿਸੇ ਦੇ ਮਨ ਵਿੱਚ ਕੋਈ ਤੌਖਲਾ ਨਹੀਂ ਹੈ। ਉਨ੍ਹਾਂ ਕਿਹਾ ਕਿ ਫੌਜ ਦੇ ਬਿਆਨ ਉੱਤੇ ਵਿਸ਼ਵਾਸ਼ ਹੀ ਨਹੀਂ ਹੈ। ਦਰਅਸਲ, ਇਸ ਗੱਲ ਦਾ ਖ਼ੁਲਾਸਾ ਪੰਜਾਬ ਵਿੱਚ ਤਾਇਨਾਤ ਆਰਮੀ ਏਅਰ ਡਿਫੈਂਡਰਾਂ ਨੇ ਕੀਤਾ ਹੈ। ਮੇਜਰ ਕਾਰਤਿਕ ਸੀ ਨੇ ਕਿਹਾ ਹੈ ਕਿ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਵਿੱਚ ਅਸਫਲ ਹੋਣ ਤੋਂ ਬਾਅਦ ਪਾਕਿਸਤਾਨੀ ਫੌਜ ਨੇ ਆਮ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ। ਅਧਿਕਾਰੀ ਨੇ ਕਿਹਾ ਕਿ ਨਾਗਰਿਕ ਇਲਾਕਿਆਂ ਨੂੰ ਨਿਸ਼ਾਨਾ ਬਣਾਉਣ ਦੇ ਨਾਲ-ਨਾਲ ਅਸੀਂ ਇਹ ਦੇਖ ਕੇ ਹੈਰਾਨ ਰਹਿ ਗਏ ਕਿ ਪਾਕਿ ਫੌਜ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ ਨੂੰ ਨਿਸ਼ਾਨਾ ਬਣਾ ਰਹੀ ਸੀ।” ਇਨ੍ਹਾਂ ਨੇ ਦੋ ਤਰ੍ਹਾਂ ਦੀਆਂ ਮਿਜ਼ਾਈਲਾਂ, ਹਵਾ ਤੋਂ ਸਤ੍ਹਾ ਅਤੇ ਸਤ੍ਹਾ ਤੋਂ ਸਤ੍ਹਾ, ਸ੍ਰੀ ਹਰਿਮੰਦਰ ਸਾਹਿਬ ਵੱਲ ਦਾਗੀਆਂ। ਇਸ ਤੋਂ ਇਲਾਵਾ ਡਰੋਨ ਹਮਲੇ ਦੀ ਵੀ ਕੋਸ਼ਿਸ਼ ਕੀਤੀ ਗਈ। ਹਾਲਾਂਕਿ, ਹਰ ਕੋਈ ਜਾਣਦਾ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਨਾ ਸਿਰਫ਼ ਅੰਮ੍ਰਿਤਸਰ ਸਗੋਂ ਪੂਰੇ ਦੇਸ਼ ਦੀ ਸ਼ਰਧਾ ਦਾ ਕੇਂਦਰ ਹੈ। ਇਸ ਲਈ ਅਸੀਂ ਇਸਦੀ ਸੁਰੱਖਿਆ ਲਈ ਪਹਿਲਾਂ ਹੀ ਤਿਆਰ ਸੀ। ਅਸੀਂ ਉਨ੍ਹਾਂ ਦੇ ਸਾਰੇ ਹਮਲਿਆਂ ਨੂੰ ਨਾਕਾਮ ਕਰ ਦਿੱਤਾ।

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## 29ਵਾਂ ਸਲਾਨਾ ਜੋੜ ਮੇਲਾ

## ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall  
+447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang  
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)  
+44 7568 517223

Website : www.nsycuk.com

E-mail : gnstuk@hotmail.com





ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ੴ ਸਤਿਗੁਰ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਏ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਭਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਬੇਹੜ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸ. ਹਰਮੀਤ ਸਿੰਘ ਕਾਲਕਾ, ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਹਰਿਆਣਾ
ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਹੈੱਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ
ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰ-ਏ-ਪੰਜਾਬ ਅਕਾਲੀ ਦਲ
ਭਾਈ ਮੋਹਕਮ ਸਿੰਘ ਜੀ ਦਮਦਮੀ ਟਕਸਾਲ ਵਾਲੇ
ਭਾਈ ਮੁਖਤਿਆਰ ਸਿੰਘ ਜੀ ਮੁਖੀ ਦਮਦਮੀ ਟਕਸਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬੂਟਾ ਸਿੰਘ ਰਣਸੀਂਹ ਸ਼ੇਰ-ਏ-ਪੰਜਾਬ ਅਕਾਲੀ ਦਲ
ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ
ਜਥੇਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ
ਸ. ਤਰਸੇਮ ਸਿੰਘ (ਪਿਤਾ ਜੀ) ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ
ਭਾਈ ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਂਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਂਪੁਰਸ਼
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਜਥੇਦਾਰ ਬਾਬਾ ਹਰੀ ਸਿੰਘ ਜੀ ਹਰੀ ਸਿੰਘ ਨਲੂਆ ਦਲ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਕੈਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਅਰਬਾਂ ਖਰਬਾਂ ਵਾਲੇ
ਜਥੇਦਾਰ ਬਾਬਾ ਕੁਲਵਿੰਦਰ ਸਿੰਘ ਜੀ ਚਮਕੌਰ ਸਾਹਿਬ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14 ਵੇਂ ਮੁੱਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2024 ਨੂੰ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

"ਨਸ਼ਾ ਮੁਕਤੀ ਯਾਤਰਾ" ਦੇ ਮਿਲ ਰਹੇ ਹਨ ਸਾਰਥਿਕ ਨਤੀਜੇ

# ਜ਼ਿਲ੍ਹੇ ਦੇ 18 ਪਿੰਡਾਂ 'ਚ ਤੀਜੇ ਦਿਨ ਨਸ਼ਾ ਰੋਕੂ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ




**ਬਠਿੰਡਾ, 19 ਮਈ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਦੇ ਮੱਦੇਨਜ਼ਰ ਅੱਜ ਜ਼ਿਲ੍ਹੇ ਦੇ 18 ਪਿੰਡਾਂ ਸਮੇਤ ਬਠਿੰਡਾ ਸ਼ਹਿਰ ਦੇ ਵਾਰਡ ਨੰਬਰ 9, 12 ਤੇ 13 ਤੋਂ ਇਲਾਵਾ ਪਿੰਡ ਹਰਕ੍ਰਿਸ਼ਨਪੁਰਾ, ਬਦਿਆਲਾ, ਭੁੱਚੋ ਕਲਾਂ, ਲਹਿਰਾ ਬੇਗਾ, ਬਹਿਮਨ ਦੀਵਾਨਾ, ਚੁਘੇ ਖੁਰਦ, ਬੱਲੂਆਣਾ, ਫੱਲੜ, ਚੱਕ ਹੀਰਾ ਸਿੰਘ ਵਾਲਾ, ਗੁਰਥੜੀ, ਰਾਮ ਨਗਰ, ਕਾਂਗੜ, ਦਿਆਲਪੁਰਾ ਭਾਈਕਾ ਅਤੇ ਭੁੱਚੋ ਮੰਡੀ ਵਿਖੇ ਵਿਧਾਇਕਾਂ ਅਤੇ ਚੇਅਰਮੈਨਾਂ ਵੱਲੋਂ ਨਸ਼ਾ ਰੋਕੂ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਚੀਫ਼ ਵਿਪ ਤੇ ਵਿਧਾਇਕ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ ਨਸ਼ਿਆਂ ਵਿਰੁੱਧ ਜੰਗ ਜਾਰੀ ਰਹੇਗੀ। ਉਨ੍ਹਾਂ ਪੇਂਡੂ ਸੁਰੱਖਿਆ ਕਮੇਟੀਆਂ, ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਪਿੰਡਾਂ ਦੇ ਪਹਿਰੇਦਾਰ ਵਜੋਂ ਕੰਮ ਕਰਕੇ ਨਸ਼ਿਆਂ 'ਚ ਗ੍ਰਸਤ ਲੋਕਾਂ ਦੇ ਇਲਾਜ ਤੇ ਪੁਨਰਵਾਸ ਲਈ ਸਰਕਾਰ ਦਾ ਸਹਿਯੋਗ ਕਰਨ ਤਾਂ ਜੋ ਅਜਿਹੇ ਲੋਕਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਕਰਕੇ ਉਨ੍ਹਾਂ ਨੂੰ ਨਵਾਂ ਜੀਵਨ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਪਿੰਡ-ਪਿੰਡ ਜਾ ਕੇ ਸਾਡੀ ਨੌਜਵਾਨੀ ਨੂੰ ਬਚਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਨਿਰਣਾਇਕ ਲੜਾਈ ਵਿੱਢੀ ਗਈ ਹੈ, ਜਿਸ ਵਿੱਚ ਲੋਕਾਂ ਦਾ ਸਾਥ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਅਸੀਂ ਨਸ਼ਿਆਂ ਦੀ ਇਸ ਭੈੜੀ ਅਲਾਮਤ ਤੋਂ ਛੁਟਕਾਰਾ ਪਾ ਸਕਦੇ ਹਾਂ। ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਨਸ਼ੇ ਸਾਡੇ ਸਮਾਜ ਦੀ ਗੰਭੀਰ ਸਮੱਸਿਆ ਜਿਹੜੀ ਕਿ ਸਾਡੇ ਸਮਾਜ ਦੀ ਨੌਜਵਾਨ ਪੀੜ੍ਹੀ ਨੂੰ ਘੁਣ ਵਾਂਗ ਖਾ ਰਹੀ ਹੈ। ਪੰਜਾਬ ਸਰਕਾਰ ਨੇ ਪ੍ਰਣ ਲਿਆ ਹੈ ਕਿ ਨਸ਼ੇ ਅਤੇ ਨਸ਼ਾ ਤਸਕਰਾਂ ਦੇ ਖਾਤਮੇ ਲਈ ਇਸ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ ਉਨ੍ਹਾਂ ਕਿਹਾ ਕਿ ਪਿੰਡ ਦੇ ਗਲੀ, ਮੁਹੱਲਿਆ ਵਿਚ ਜਾਗਰੂਕ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਸੱਦਾ ਦਿੱਤਾ ਗਿਆ। ਉਨਾਂ ਕਿਹਾ ਕਿ ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਦਿੱਤੀ ਜਾਵੇ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਨਸ਼ੇ ਤੋਂ ਪੀੜਤ ਹੈ ਤਾਂ ਉਸ ਬਾਰੇ ਵੀ ਜਾਣਕਾਰੀ ਦਿੱਤੀ ਜਾਵੇ, ਸਰਕਾਰ ਵੱਲੋਂ ਉਸਦਾ ਮੁਫਤ ਨਸ਼ਾ ਛੁੜਾਇਆ ਜਾਵੇਗਾ ਅਤੇ ਇਲਾਜ ਕਰਵਾਇਆ ਜਾਵੇਗਾ। ਇਸ ਮੌਕੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵਿਧਾਇਕ ਮਾਸਟਰ ਜਗਸੀਰ ਸਿੰਘ ਵੱਲੋਂ ਸਹੁੰ ਵੀ ਚੁਕਾਈ ਗਈ। ਵਿਧਾਇਕ ਰਾਮਪੁਰਾ ਫੂਲ ਸ਼੍ਰੀ ਬਲਕਾਰ ਸਿੰਘ ਸਿੱਧੂ ਨੇ ਨਸ਼ਾ ਮੁਕਤੀ ਯਾਤਰਾ ਮੁਹਿੰਮ ਦੇ ਮੱਦੇ ਨਜ਼ਰ ਜ਼ਿਲ੍ਹੇ ਦੇ ਪਿੰਡ ਕਾਂਗੜ, ਗੌਂਸਪੁਰਾ ਤੇ ਦਿਆਲਪੁਰਾ ਭਾਈਕਾ ਦੀਆਂ ਪੇਂਡੂ ਰੱਖਿਆ ਕਮੇਟੀਆਂ ਦੇ ਮੈਂਬਰਾਂ ਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਯਾਤਰਾ ਦੌਰਾਨ ਸ਼੍ਰੀ ਬਲਕਾਰ ਸਿੰਘ ਸਿੱਧੂ ਵੱਲੋਂ ਸਮੂਹ ਹਾਜ਼ਰੀਨਾਂ ਨੂੰ ਨਸ਼ਾ ਮੁਕਤੀ ਦੀ ਸਹੁੰ ਵੀ ਚੁਕਾਈ ਗਈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਅਧੀਨ ਵਿੱਢੀ ਗਈ ਲੜਾਈ ਤਹਿਤ ਸੂਬੇ ਵਿੱਚੋਂ ਨਸ਼ਾਂ ਤਸਕਰਾਂ ਨੂੰ ਹਰ ਹੀਲੇ ਖਤਮ ਕੀਤਾ ਜਾਵੇਗਾ। ਇਸ ਮੌਕੇ ਵਿਧਾਇਕ ਮੌੜ ਸ. ਸੁਖਬੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਅਧੀਨ ਵਿੱਢੀ ਗਈ ਲੜਾਈ ਤਹਿਤ ਸੂਬੇ ਵਿੱਚੋਂ ਨਸ਼ਾਂ ਤਸਕਰਾਂ ਨੂੰ ਹਰ ਹੀਲੇ ਖਤਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਫੌਰੀ ਕਰਵਾਈ ਕਰਨ ਲਈ ਪੁਲਿਸ ਨੂੰ ਖੁੱਲੀ ਛੋਟ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਮੰਤਵ ਸਾਂਝਾ ਕਰਦਿਆਂ ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡਾਂ, ਵਾਰਡਾਂ, ਗਲੀ, ਮੁਹੱਲਿਆਂ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਨਸ਼ਾ ਤਸਕਰਾਂ ਸਬੰਧੀ ਸੂਚਨਾ ਪੁਲਿਸ ਨੂੰ ਦੇਣ ਤਾਂ ਜੋ ਉਨ੍ਹਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾ ਸਕੇ। ਇਸ ਯਾਤਰਾ ਦੌਰਾਨ ਚੇਅਰਮੈਨ ਸ਼੍ਰੀ ਅਮ੍ਰਿਤ ਲਾਲ ਅਗਰਵਾਲ ਨੇ ਕਿਹਾ ਕਿ ਨਸ਼ਿਆਂ ਸਬੰਧੀ ਕੋਈ ਵੀ ਜਾਣਕਾਰੀ ਪ੍ਰਸ਼ਾਸਨਿਕ ਅਧਿਕਾਰੀਆਂ ਜਾਂ ਪੁਲਿਸ ਨਾਲ ਤੁਰੰਤ ਸਾਂਝੀ ਕਰਨੀ ਚਾਹੀਦੀ ਹੈ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਲੋਕ ਭਲਾਈ ਦੇ ਕੰਮ ਵਿੱਚ ਜਾਣਕਾਰੀ ਸਾਂਝੀ ਕਰਨ ਵਾਲੇ ਦਾ ਨਾਮ, ਪਤਾ ਤੇ ਹੋਰ ਸਾਰਾ ਵੇਰਵਾ ਪੂਰਨ ਤੌਰ 'ਤੇ ਗੁਪਤ ਰੱਖਿਆ ਜਾਵੇਗਾ। ਉਹਨਾਂ ਕਿਹਾ ਕਿ ਇਸ ਮੁਹਿੰਮ ਵਿੱਚ ਆਮ ਲੋਕਾਂ ਦਾ ਪੂਰਨ ਸਹਿਯੋਗ ਦੀ ਲੋੜ ਹੈ। ਇਸ ਮੁਹਿੰਮ ਦੌਰਾਨ ਚੇਅਰਮੈਨ ਸ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਨੂੰ ਮੁਕੰਮਲ ਤੌਰ ਤੇ ਖਤਮ ਕਰ ਰਹੀ ਹੈ, ਪਰ ਇਸ ਵਿੱਚ ਲੋਕਾਂ ਦਾ ਸਹਿਯੋਗ ਵੀ ਹੋਣਾ ਜਰੂਰੀ ਹੈ। ਉਹਨਾਂ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਵੱਲੋਂ ਵੱਡੇ ਪੱਧਰ ਤੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਜੇਲਾਂ ਵਿਚ ਭੇਜਿਆ ਗਿਆ ਹੈ ਪਰ ਲੋਕ ਵੀ ਨਸ਼ਾ ਤਸਕਰਾਂ ਖਿਲਾਫ ਵਿੱਢੀ ਮੁਹਿੰਮ ਵਿਚ ਆਪਣਾ ਯੋਗਦਾਨ ਪਾਉਣ ਅਤੇ ਸੂਚਨਾ ਦੇਣ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਲੋਕਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਨੌਜਵਾਨਾ ਵੱਲੋਂ ਸ਼ਿਰਕਤ ਕੀਤੀ ਗਈ।

ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

# ਟੁੱਟੀਆਂ ਸੜਕਾਂ ਦੀ ਸੀਮੈਂਟਿਡ ਕੰਕਰੀਟ ਨਾਲ ਭਰਪਾਈ ਕੀਤੀ

ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਆਪਣੇ ਸਮਾਜ ਸੇਵੀ ਕਾਰਜਾਂ ਦਾ ਵਿਸਥਾਰ ਕਰਦਿਆਂ ਪਠਲਾਵਾ ਤੋਂ ਬੰਗਾ ਵਾਇਆ ਲਧਾਣਾ ਉਚਾ ਸੜਕ, ਜਿਸ ਉਪਰ ਡੂੰਘੇ ਖੱਡੇ ਪਏ ਹੋਏ ਸਨ ਦੀ ਸੀਮੈਂਟਿਡ ਕੰਕਰੀਟ ਨਾਲ ਭਰਪਾਈ ਕਰਕੇ ਇਲਾਕਾ ਨਿਵਾਸੀਆਂ ਨੂੰ ਬੁਹਤ ਵੱਡੀ ਸਹੂਲਤ ਪ੍ਰਦਾਨ ਕੀਤੀ ਹੈ। ਇਸ ਸੰਦਰਭ ਵਿਚ ਆਪਣੇ ਵਿਚਾਰ ਪੇਸ਼ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਨੇ ਦੱਸਿਆ ਕਿ ਕੁਝ ਥਾਵਾਂ ਤੇ ਖੱਡੇ ਇਨੇ ਡੂੰਘੇ ਸਨ ਕਿ ਵੱਡੀਆਂ ਦੁਰਘਟਨਾਵਾਂ ਦਾ ਕਾਰਨ ਬਣ ਰਹੇ ਸਨ। ਵੇਲੇ ਕੁਵੇਲੇ ਗੁਜ਼ਰਨ ਵਾਲੇ ਰਾਹਗੀਰ ਅਤੇ ਬਿਮਾਰ ਮਰੀਜ਼ਾਂ ਨੂੰ ਹਸਪਤਾਲ ਪੁਹੰਚਾਉਣ ਵੇਲੇ ਵੱਡੀਆਂ ਦਿਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਉਪਰੋਕਤ ਸਮੱਸਿਆਵਾਂ ਨੂੰ ਵੇਖਦਿਆਂ ਸੰਸਥਾ ਵਲੋਂ ਇਹ ਪਹਿਲ ਕਦਮੀ ਕੀਤੀ ਗਈ। ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ ਅਤੇ ਲੈਕਚਰਾਰ ਤਰਸੇਮ ਪਠਲਾਵਾ ਵਲੋਂ ਇਹ ਵੀ ਦੱਸਿਆ ਕਿ ਬੰਗਾ ਤਹਿਸੀਲ ਕੰਪਲੈਕਸ ਤੋਂ ਲੈ ਕੇ ਪਿੰਡ ਕਜਲਾ ਦੀ ਨਹਿਰ ਤਕ ਲਗਭਗ ਕੋਈ ਅੱਧੀ ਦਰਜਨ ਟੋਇਆਂ ਦਾ ਰੂਪ ਧਾਰਨ ਕਰ ਚੁੱਕੇ ਸੜਕ ਤੇ ਪਏ ਖੱਡਿਆਂ ਨੂੰ ਵੀ ਕੰਕਰੀਟ ਨਾਲ ਭਰ ਕੇ ਰਾਹਗੀਰਾਂ ਲਈ ਬਹੁਤ ਵੱਡੀ ਰਾਹਤ ਪ੍ਰਦਾਨ ਕੀਤੀ ਹੈ ।ਸ ਤਰਲੋਚਨ ਸਿੰਘ ਵਾਰੀਆ ਨੇ ਆਖਿਆ ਕਿ ਆਉਣ ਵਾਲੇ ਦਿਨਾਂ ਵਿਚ ਅਜਿਹੇ ਹੋਰ ਕਾਰਜਾਂ ਵੀ ਨੂੰ ਅੰਜ਼ਾਮ ਦਿੱਤਾ ਜਾਵੇਗਾ। ਸ ਤਰਲੋਚਨ ਸਿੰਘ ਵਾਰੀਆ ਨੇ ਆਖਿਆ ਕਿ ਇਸ ਲੋਕ ਭਲਾਈ ਦੇ ਕਾਰਜ ਵਿਚ ਸੋਨੂੰ ਝਿੱਕਾ,ਸ ਜਸਵੰਤ ਸਿੰਘ ਲਧਾਣਾ ਉੱਚਾ ,ਮਾ ਸੁਬੇਗ ਸਿੰਘ ਲਧਾਣਾ ਉੱਚਾ ਵਲੋਂ ਵੀ ਆਰਥਿਕ ਸਹਿਯੋਗ ਕੀਤਾ ਗਿਆ ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ ,ਮਾ ਸੁਰਿੰਦਰ ਸਿੰਘ ਕਰਮ, ਸਤੀਸ਼ ਕੁਮਾਰ ਐਮਾਂ ਜਟਾਂ,ਡਾ ਕੁਲਦੀਪ ਰਾਜ ਬੰਗਾ, ਬਲਜੀਤ ਸਿੰਘ,ਕਾਕਾ ਪ੍ਰਭਜੋਤ ਸਿੰਘ ਪਠਲਾਵਾ ਠੇਕੇਦਾਰ ਬਲਵਿੰਦਰ ਸਿੰਘ ਬਿੱਟੂ , ਰਜਿੰਦਰ ਸਿੰਘ ਜਿੰਦਾ ਹਾਜ਼ਰ ਸਨ ।





**-ਵਿਸ਼ੇਸ਼ ਰਿਪੋਰਟ : ਹਰਪ੍ਰੀਤ ਸਿੰਘ ਪਠਲਾਵਾ**

# ਗੁਰੂ ਨਾਨਕ ਪਬਲਿਕ ਹਾਈ ਸਕੂਲ, ਮਹਿਤਾ ਦਸਵੀਂ ਜਮਾਤ ਦਾ ਰਿਹਾ ਸ਼ਾਨਦਾਰ ਨਤੀਜਾ



**ਚੌਂਕ ਮਹਿਤਾ, 19 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਦੁਆਰਾ ਦਸਵੀਂ ਸ਼੍ਰੇਣੀ ਦਾ ਨਤੀਜਾ ਗੁਰੂ ਨਾਨਕ ਪਬਲਿਕ ਹਾਈ ਸਕੂਲ, ਮਹਿਤਾ ਦੇ ਸਾਰੇ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰ ਕੇ ਪਾਸ ਹੋਏ। ਸਕੂਲ ਵਿੱਚੋ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਅੰਗਦਜੋਤ ਕੌਰ ਪੁੱਤਰੀ ਅਵਤਾਰ ਸਿੰਘ ਨੇ 94%, ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਰਮਨਦੀਪ ਕੌਰ ਪੁੱਤਰੀ ਰਾਜੂ ਸਿੰਘ ਨੇ 91% ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਸਾਹਿਬ ਸਿੰਘ 88.3% ਹਾਸਲ ਕੀਤਾ। ਇਸ ਮੌਕੇ ਪ੍ਰਿੰਸੀਪਲ ਸ੍ਰੀ ਸ਼ਾਮ ਲਾਲ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕੀਤੀ ਅਤੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਗੇ ਵਧਦੇ ਰਹਿਣ ਦਾ ਸੰਦੇਸ਼ ਦਿੱਤਾ ਤੇ ਕਿਹਾ ਕਿ ਸੱਚੀ ਲਗਨ ਤੇ ਮਿਹਨਤ ਨਾਲ ਹੀ ਹਰ ਮੁਕਾਮ ਹਾਸ਼ਿਲ ਕੀਤਾ ਜਾ ਸਕਦਾ ਹੈ। ਇਸ ਮੌਕੇ ਤੇ ਪ੍ਰਿੰਸੀਪਲ ਮੈਡਮ ਵੀਨਾ ਕੁਮਾਰੀ, ਮਾ. ਅਵਤਾਰ ਸਿੰਘ, ਮੁੱਖ ਅਧਿਆਪਕਾ ਮੈਡਮ ਹਰਪ੍ਰੀਤ ਕੌਰ ਆਦਿ ਸਮੂਹ ਸਕੂਲ ਸਟਾਫ ਹਾਜਰ ਸਨ।

# ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਂਕ ਮਹਿਤਾ, 19 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦਾ ਦੱਸਵੀਂ ਸ਼੍ਰੇਣੀ ਦਾ ਬੋਰਡ ਪ੍ਰੀਖਿਆ ਦਾ ਨਤੀਜਾ ਇਸ ਵਾਰ ਵੀ ਬਹੁਤ ਸ਼ਾਨਦਾਰ ਰਿਹਾ। ਸਕੂਲ ਵਿਦਿਆਰਥਣ ਗੁਰਕੰਵਲਪ੍ਰੀਤ ਕੌਰ ਨੇ 94 ਫੀਸਦੀ ਨੰਬਰ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰਾਂ ਸੁਨੇਹਾ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰੇ ਸਥਾਨ ਤੇ ਰਹੀ। ਇਸੇ ਤਰਾਂ ਸੁਖਮਨਪਾਲ ਸਿੰਘ ਅਤੇ ਚੇਤਨਪ੍ਰੀਤ ਸਿੰਘ ਨੇ 86 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਸਕੂਲ ਦੇ ਕੁੱਲ ਅਪੀਅਰ ਹੋਏ 38 ਵਿਦਿਆਥਰੀਆਂ ਵਿਚੋਂ 18 ਨੇ 80 ਤੋਂ 90 ਫੀਸਦੀ ਅੰਕ ਹਾਸਲ ਕੀਤੇ, ਬਾਕੀ ਵਿਦਿਆਰਥੀਆ 75 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕਰਨ ਵਿੱਚ ਸਫਲ ਰਹੇ। ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਨੇ ਸ਼ਾਨਦਾਰ ਨਤੀਜੇ ਲਈ ਸਮੂਹ ਵਿਦਿਆਰਥੀਆਂ, ਸਟਾਫ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਮੈਨੇਜਮੈਂਟ ਵਲੋਂ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਇਸ ਉਪਲੱਬਧੀ ਲਈ ਸਨਮਾਨਿਤ ਕਰਦਿਆਂ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਤੇ ਸਕੂਲ ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ. ਖੁਸ਼ਪ੍ਰੀਤ ਕੌਰ ਸੰਧੂ, ਡਾ. ਜਸਪ੍ਰੀਤ ਸਿੰਘ ਸੰਧੂ, ਸਕੂਲ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਰੰਧਾਵਾ, ਸਮੂਹ ਸਟਾਫ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।

# ਸ੍ਰੀ ਚਮਕੌਰ ਸਾਹਿਬ ਦੇ ਇਲਾਕੇ ਵਿੱਚ ਗੁਰਦੁਆਰਾ ਜੰਡ ਸਾਹਿਬ ਨੇੜੇ ਲੱਗਣ ਵਾਲੀ ਕਾਗਜ਼ ਫੈਕਟਰੀ ਦਾ ਅਸੀਂ ਸਖ਼ਤ ਵਿਰੋਧ ਕਰਦੇ ਹਾਂ : ਬਾਪੂ ਤਰਸੇਮ ਸਿੰਘ



**ਅੰਮ੍ਰਿਤਸਰ 19 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਚਮਕੌਰ ਸਾਹਿਬ ਇਲਾਕੇ ਵਿਚ ਇਤਿਹਾਸਕ ਗੁਰਦੁਆਰਾ ਜੰਡ ਸਾਹਿਬ ਦੇ ਨੇੜੇ ਬੁੱਢੇ ਦਰਿਆ ਅਤੇ ਨੀਲੋਂ ਨਹਿਰ ਵਿਚਾਲੇ ਦੀ 400 ਮੀਟਰ ਦੀ ਪੱਟੀ ਵਿਚ ਕਾਗਜ ਫੈਕਟਰੀ ਦਾ ਲਗਣਾ ਸਿਰਫ਼ ਆਸ ਪਾਸ ਦੇ ਇਲਾਕੇ ਲਈ ਹੀ ਨਹੀਂ, ਸਗੋਂ ਸਾਰੇ ਪੰਜਾਬ ਲਈ ਗੰਭੀਰ ਹਾਨੀਕਾਰਕ ਪ੍ਰਭਾਵਾਂ ਵਾਲਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਹਨਾਂ ਕਿਹਾ ਕਿ ਇਹ ਉਦਯੋਗਿਕ ਸੰਸਥਾ ਇਤਿਹਾਸਕ ਗੁਰੂ ਘਰ ਦੀ ਆਬੋ ਹਵਾ ਨੂੰ ਗੰਦਾ ਕਰੇਗੀ ਤੇ ਨਾਲ ਹੀ ਨੀਲੋਂ ਨਹਿਰ, ਜਿਸ ਰਾਹੀਂ ਮਾਲਵੇ ਦੇ ਵੱਡੇ ਹਿੱਸੇ ਨੂੰ ਪੀਣ ਯੋਗ ਪਾਣੀ ਮਿਲਦਾ ਹੈ, ਉਸ ਦੀ ਪਵਿਤ੍ਰਤਾ ਤੇ ਗੁਣਵੱਤਾ ਨੂੰ ਵੀ ਤਬਾਹ ਕਰੇਗੀ। ਇਹ ਫੈਕਟਰੀ ਹਰ ਰੋਜ਼ 1.5 ਕਰੋੜ ਲੀਟਰ ਪਾਣੀ ਨੀਲੋਂ ਨਹਿਰ ਤੋਂ ਲਏਗੀ ਅਤੇ 1 ਕਰੋੜ ਲੀਟਰ ਗੰਦਾ ਪਾਣੀ ਮੁੜ ਬੁੱਢੇ ਦਰਿਆ ਤੇ ਨਹਿਰ ਵਿੱਚ ਛੱਡੇਗੀ। ਇਲਾਕੇ ਵਿਚ ਪਾਣੀ ਸਿਰਫ 10 ਫੁੱਟ ਦੀ ਉਚਾਈ 'ਤੇ ਮਿਲਦਾ ਹੈ, ਜੋ ਕਿ ਆਸ ਪਾਸ ਦੇ ਖੇਤਾਂ ਲਈ ਜੀਵਨ ਰੇਖਾ ਹੈ। ਅਜਿਹੀ ਸਨਅੱਤ ਨਾਲ ਨਾਂ ਸਿਰਫ ਜ਼ਮੀਨ ਦੀ ਉਤਪਾਦਕਤਾ ਨਾਸ ਹੋਵੇਗੀ, ਸਗੋਂ ਗੰਦੇ ਪਾਣੀ ਦੇ ਰਿਸਾਅ ਕਾਰਨ ਸਾਰੇ ਇਲਾਕੇ ਦੀ ਆਬੋ ਹਵਾ ਤੇ ਮਿੱਟੀ ਵੀ ਜ਼ਿਹਰੀਲੀ ਹੋ ਜਾਵੇਗੀ। ਉਹਨਾਂ ਕਿਹਾ ਕਿ ਪਿਛਲੇ ਦਿਨੀਂ ਮੁੱਖ ਮੰਤਰੀ ਪੰਜਾਬ ਵੱਲੋਂ ਮੱਤੇਵਾੜਾ ਪ੍ਰੋਜੈਕਟ ਰੱਦ ਕਰਦੇ ਹੋਏ ਦਰਿਆਵਾਂ ਦੇ ਕੰਢਿਆਂ ਉੱਤੇ ਕਿਸੇ ਵੀ ਸਨਅਤਿਕ ਕਾਰਵਾਈ ਨੂੰ ਰੋਕਣ ਦੀ ਗੱਲ ਕੀਤੀ ਗਈ ਸੀ, ਪਰ ਹੁਣ ਇਤਿਹਾਸਕ ਗੁਰੂਘਰ ਦੇ ਨੇੜੇ ਅਤੇ ਪੀਣ ਦੇ ਪਾਣੀ ਵਾਲੇ ਸਰੋਤਾਂ ਨੂੰ ਖਤਰੇ ਵਿੱਚ ਪਾ ਕੇ ਪੰਜਾਬ ਸਰਕਾਰ ਲੋਕਾਂ ਦੇ ਹੱਕਾਂ ਉੱਤੇ ਡਾਕਾ ਮਾਰਿਆ ਜਾ ਰਿਹਾ ਹੈ ਜਿਸਦਾ ਅਸੀਂ ਸਖ਼ਤ ਵਿਰੋਧ ਕਰਦੇ ਹਾਂ ਅਤੇ ਅਕਲੀ ਦਲ ਵਾਰਿਸ ਪੰਜਾਬ ਦੇ ਲੋਕਾਂ ਦੀ ਇਸ ਲੜਾਈ ਵਿੱਚ ਉਹਨਾਂ ਨਾਲ ਖੜਾ ਹੈ। ਅਸੀਂ ਪੰਜਾਬ ਵਿਧਾਨ ਸਭਾ ਨੂੰ ਇਹ ਮੰਗ ਪੇਸ਼ ਕਰਦੇ ਹਾਂ ਕਿ ਇੱਕ ਸਖ਼ਤ ਨੀਤੀ ਅਤੇ ਕਾਨੂੰਨ ਲਿਆਂਦਾ ਜਾਵੇ ਜੋ ਇਤਿਹਾਸਕ ਧਰੋਹਰਾਂ, ਆਬਾਦ ਜਮੀਨਾਂ ਅਤੇ ਪਾਣੀ ਦੇ ਸਰੋਤਾਂ ਨੂੰ ਸੰਰੱਖਣ ਦੇ ਤਹਿਤ ਅਜਿਹੀਆਂ ਸਨਅਤਾਂ ਨੂੰ ਰੋਕੇ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇਸ ਦੇ ਨਾਲ-ਨਾਲ, ਸਾਨੂੰ ਉਮੀਦ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਗੁਰੂ ਘਰ ਦੇ ਨੇੜੇ ਦੀ ਆਬੋ ਹਵਾ ਦੀ ਰਾਖੀ ਲਈ ਇਸ ਸੰਘਰਸ਼ ਵਿੱਚ ਆਵਾਜ਼ ਬਣਨਗੇ।

## ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਦੇ

# 700 ਦਿਨ ਪੂਰੇ ਹੋਣ ਤੇ ਭਾਰਤੀ ਅੰਬੈਸੀ ਵੈਨਕੂਵਰ ਮੂਹਰੇ ਭਾਰੀ ਰੋਸ ਪ੍ਰਦਰਸ਼ਨ




**ਨਵੀਂ ਦਿੱਲੀ, 19 ਮਈ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਕੌਮ ਦੀ ਆਜ਼ਾਦੀ ਦੇ ਚਾਹਵਾਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਜਿੰਨਾਂ ਨੂੰ 18 ਜੂਨ 2023 ਨੂੰ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਦੇ ਵਿੱਚ ਗੋਲੀਆਂ ਮਾਰ ਕੇ ਸ਼ਹੀਦ ਕੀਤਾ ਗਿਆ ਸੀ, ਜਿਸ ਵਿਚ ਭਾਰਤ ਦੇ ਹੱਥ ਹੋਣ ਬਾਰੇ ਸ਼ੰਕਾਵਾਂ ਉਠੀਆਂ ਹਨ ਤੇ ਕੈਨੇਡਾ ਦੇ ਸਾਬਕਾ ਪੀਐਮ ਟਰੂਡੋ ਨੇ ਵੀਂ ਭਾਰਤੀ ਹਕੂਮਤ ਦਾ ਹੱਥ ਹੋਣ ਬਾਰੇ ਗੱਲ ਕਹੀ ਸੀ, ਦੀ ਸ਼ਹਾਦਤ ਨੂੰ ਸਮਰਪਿਤ ਜਾਗਦੀ ਜਮੀਰ ਦੇ ਸਿੱਖਾਂ ਵਲੋਂ ਹਰ ਮਹੀਨੇ ਦੀ 18 ਤਰੀਕ ਨੂੰ ਵੈਨਕੂਵਰ ਵਿਖੇ ਭਾਰਤੀ ਅੰਬੈਸੀ ਵਿਖੇ ਭਾਰੀ ਰੋਸ ਮੁਜਾਹਿਰਾ ਕੀਤਾ ਜਾਂਦਾ ਹੈ। ਬੀਤੇ ਦਿਨ 18 ਮਈ 2025 ਨੂੰ ਭਾਈ ਨਿੱਝਰ ਦੀ ਸ਼ਹੀਦੀ ਦੇ 700 ਦਿਨ ਪੂਰੇ ਹੋਣ ਤੇ ਉਸ ਨੂੰ ਸਮਰਪਿਤ ਕੈਨੇਡਾ ਦੀਆਂ ਸਿੱਖ-ਸੰਗਤਾਂ ਵੱਲੋਂ ਭਾਰੀ ਰੋਸ-ਪ੍ਰਦਰਸ਼ਨ ਕੀਤਾ ਗਿਆ ਜਿਸ ਦੌਰਾਨ ਖਾਲਿਸਤਾਨ ਜ਼ਿੰਦਾਬਾਦ ਦੇ ਨਾਹਰਿਆਂ ਨਾਲ ਗੂੰਜਾਂ ਪਾਈਆਂ ਗਈਆਂ। ਇਸ ਮੌਕੇ ਭਾਰਤੀ ਕੌਂਸਲੇਟ ਨੂੰ ਬੰਦ ਕਰਨ ਦੇ ਨਾਲ ਭਾਈ ਹਰਦੀਪ ਸਿੰਘ ਦੀ ਸ਼ਹਾਦਤ ਵਿੱਚ ਸ਼ਾਮਲ ਭਾਰਤੀ ਰਾਜਦੂਤ ਜਿਹੜੇ ਹੁਣ ਕੈਨੇਡਾ ਤੋਂ ਭਗੌੜੇ ਹਨ ਉਹਨਾਂ ਨੂੰ ਵਾਪਿਸ ਕੈਨੇਡਾ ਲਿਆ ਕੇ ਕੈਨੇਡੀਅਨ ਕਾਨੂੰਨ ਅਧੀਨ ਕਟਹਿਰੇ ਵਿੱਚ ਖੜੇ ਕਰਨ ਦੀ ਵੀ ਮੰਗ ਵੀ ਜ਼ੋਰਾਂ ਤੇ ਹੈ। ਇਸ ਮੌਕੇ ਭਾਈ ਗੁਰਮੀਤ ਸਿੰਘ ਤੂਰ ਜੋ ਕਿ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸੈਕਟਰੀ ਹਨ ਉਹਨਾਂ ਵੱਲੋਂ 17 ਅਗਸਤ ਅਮਰੀਕਾ ਦੇ ਵਾਸ਼ਿੰਗਟਨ ਡੀਸੀ ਅੰਦਰ ਹੋਣ ਵਾਲੀਆਂ ਰੈਫਰੰਡਮ ਦੀਆਂ ਵੋਟਾਂ ਵਿੱਚ ਸਿੱਖ ਸੰਗਤਾਂ ਨੂੰ ਵੱਧ ਚੜ ਕੇ ਹਿੱਸਾ ਲੈਣ ਲਈ ਅਪੀਲ ਕੀਤੀ ਗਈ। ਇਸ ਰੋਸ ਪ੍ਰਦਰਸ਼ਨ ਵਿਚ ਗੁਰੂ ਘਰ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ ਅਤੇ ਭਾਈ ਅਜੈਪਾਲ ਸਿੰਘ, ਭਾਈ ਜੈਗ ਸਿੰਘ ਸਿੱਧੂ ਸਿੰਘ ਸਮੇਤ ਵਡੀ ਗਿਣਤੀ ਅੰਦਰ ਸੰਗਤਾਂ ਸ਼ਾਮਲ ਸਨ।

**ਕੈਨੇਡੀਅਨ ਸਿੱਖਾਂ ਵਲੋਂ ਭਾਰਤੀ ਅੰਬੈਸੀ ਨੂੰ ਬੰਦ ਕਰਨ ਦੀ ਮੰਗ ਜ਼ੋਰਾਂ 'ਤੇ**

ਆਵਾਜ਼ਿ ਕੌਮ AWAZE QAUM International Newspaper & WEB TV

## ਗਰੀਬ ਪਰਿਵਾਰ ਦੇ ਪੁੱਤ ਦੀ ਮੌਤ 'ਤੇ ਮਿਲੇ

# 7 ਲੱਖ ਮੁਆਵਜ਼ੇ ਦੀ ਰਕਮ ਨੂੰ ਖੁਰਦ ਬੁਰਦ ਕਰਨ ਵਾਲੇ ਦੋਸ਼ੀਆਂ 'ਤੇ ਹੋਵੇ ਕਾਰਵਾਈ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਨਾਰੀ ਏਕਤਾ ਜ਼ਬਰ ਵਿਰੋਧੀ ਫਰੰਟ ਦੀ ਅਗਵਾਈ ਹੇਠ ਐੱਸ ਐੱਸ ਪੀ ਜ਼ਿਲ੍ਹਾ ਸੰਗਰੂਰ ਨੂੰ ਮਿਲਕੇ ਗਰੀਬ ਪਰਿਵਾਰ ਦੇ ਪੁੱਤਰ ਦੀ ਪਿਛਲੇ ਸਮੇਂ ਦੌਰਾਨ ਜੋ ਲਹਿਰਾ ਗਟਰ ਵਿੱਚ ਡੁੱਬ ਕੇ ਮੌਤ ਦਾ ਪੰਜਾਬ ਸਰਕਾਰ ਵੱਲੋਂ ਦਿੱਤਾ 7 ਲੱਖ ਦਾ ਮੁਆਵਜ਼ਾ ਖੁਰਦ ਬੁਰਦ ਕਰਨ ਦੋਸ਼ੀਆਂ ਤੇ ਬਣਦੀ ਕਾਰਵਾਈ ਦੀ ਕੀਤੀ ਮੰਗ ਨੂੰ ਲੈ ਸੂਬਾ ਪ੍ਰਧਾਨ ਹਰਪ੍ਰੀਤ ਕੌਰ ਧੂਰੀ ਨੇ ਇਕ ਪ੍ਰੈਸ ਨੋਟ ਰਾਹੀਂ ਗਰੀਬ ਪਰਿਵਾਰ ਦੀ ਮਦਤ ਕਰਨ ਨੂੰ ਲੈ ਕਿਹਾ ਜਿਲਾ ਸੰਗਰੂਰ ਦੇ ਪਿੰਡ ਛਾਜਲੀ ਰਹਿਣ ਵਾਲੇ ਬਜ਼ੁਰਗ ਜੋੜੇ ਨੇ ਆਪਣੇ ਮੂੰਹੋਂ ਆਪਣੀ ਹੱਡ ਬੀਤੀ ਆਪ ਦਸੀ ਸੁਖਦੇਵ ਕੌਰ ਪਤਨੀ ਜੀਤ ਸਿੰਘ ਨੇ ਕਿਹਾ ਕਿ ਮੇਰਾ ਪੁੱਤ ਸੁਖਵਿੰਦਰ ਸਿੰਘ ਹੈਪੀ ਜੋਂ ਲਹਿਰਾ ਗਾਗਾ ਨਗਰ ਕੌਂਸਲ ਵਿੱਚ ਠੇਕੇਦਾਰੀ ਸਿਸਟਮ ਵਿਚ ਸਫਾਈ ਸੇਵਕ ਦਾ ਕਰਦਾ ਸੀ ਜਿਸ ਦੀ 27 7 23 ਨੂੰ ਗਟਰ ਵਿੱਚ ਡੁੱਬਣ ਕਾਰਨ ਮੌਤ ਹੋ ਗਈ ਸੀ ਅਤੇ ਸਾਨੂੰ ਪੰਜਾਬ ਸਰਕਾਰ ਵੱਲੋਂ 7 ਲੱਖ ਦਾ ਮੁਆਵਜ਼ਾ ਰਾਸ਼ੀ ਮਿਲੀ ਸੀ ਅਤੇ ਉਸ ਉਪਰੰਤ ਸਾਨੂੰ ਪਾਰਟੀ ਆਗੂ ਸੀ ਪੀ ਆਈ ਐਮ ਐਲ ਲਿਬਰੇਸ਼ਨ ਦੇ ਕਾਮਰੇਡ ਗੋਬਿੰਦ ਸਿੰਘ ਛਾਜਲੀ ਅਤੇ ਸੇਬੀ ਖੰਡੇਬਾਦ ਅਤੇ ਕਈ ਹੋਰ ਇਹਨਾਂ ਦੇ ਸਾਥੀਆ ਨੇ ਮਿਲ ਕੇ ਕਹਿਣ ਲੱਗੇ ਕੇ ਅਸੀਂ ਧਰਨਾ ਲਗਾਇਆ ਹੈ ਸਾਡੇ ਸਾਰੇ ਸਾਥੀਆ ਨੂੰ ਮੁਆਵਜ਼ੇ ਦੀ ਰਕਮ ਵਿੱਚ ਅਪਨਾ ਹੱਕ ਦਸਣ ਲੱਗੇ ਅਤੇ ਲੈ ਕੇ ਤੁਰਦੇ ਬਣੇ ਅਤੇ ਸਾਰੀ ਰਾਸ਼ੀ ਖੁਰਦ ਬੁਰਦ ਕਰ ਗਏ ਅਤੇ ਪਿੱਛੋਂ ਪਰਿਵਾਰ ਮਾੜੀ ਹਾਲਤ ਨੂੰ ਪੁੱਛਣ ਵਾਲਾ ਕੋਈ ਨਹੀਂ ਰਿਹਾ ਅੱਜ ਗਰੀਬ ਪਰਿਵਾਰ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੋ ਰਿਹਾ ਹੈ ਮੌਕੇ ਤੇ ਜੀਤ ਸਿੰਘ ਸੁਖਦੇਵ ਕੌਰ ਜਗਤਾਰ ਸਿੰਘ ਖਾਲਸਾ ਹਰਪਾਲ ਸਿੰਘ ਦਲਜੀਤ ਕੌਰ ਧਰਮਪਾਲ ਸਿੰਘ ਲਹਿਰਾ ਰਾਜ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਉੱਚਾ ਚੁੱਕਣ ਵਾਸਤੇ ਦਿੱਲੀ ਕਮੇਟੀ ਅਤੇ ਵਿਦਿਆ ਵਿਚਾਰੀ ਟਰੱਸਟ ਦਰਮਿਆਨ ਐਮ ਓ ਯੂ 'ਤੇ ਹਸਤਾਖ਼ਰ




ਨਵੀਂ ਦਿੱਲੀ, 19 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਵਿਚ ਪੰਥ ਦੀਆਂ ਸੰਸਥਾਵਾਂ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ (ਜੀ ਐਚ ਪੀ ਐਸ) ਦੇ ਹਾਲਾਤਾਂ ਨੂੰ ਹੋਰ ਸੁਧਾਰਣ ਦੀ ਦਿਸ਼ਾ ਵਿਚ ਇਕ ਇਤਿਹਾਸਕ ਕਦਮ ਚੁੱਕਦਿਆਂ ਕਮੇਟੀ ਨੇ ਵਿਦਿਆ ਵਿਚਾਰੀ ਟਰੱਸਟ ਨਾਲ ਇਕ ਸਮਝੌਤੇ (ਐਮ ਓ ਯੂ) 'ਤੇ ਹਸਤਾਖ਼ਰ ਕੀਤੇ ਹਨ। ਇਹ ਜਾਣਕਾਰੀ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਾਂਝੀ ਕੀਤੀ ਹੈ। ਇਥੇ ਵਿਦਿਆ ਵਿਚਾਰੀ ਟਰੱਸਟ ਦੇ ਅਹੁਦੇਦਾਰਾਂ ਨਾਲ ਇਕ ਸਾਂਝੀ ਪ੍ਰੈਸ ਕਾਨਫਰੰਸ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਕਮੇਟੀ ਵੱਲੋਂ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਵਿਚ ਸਿੱਖਿਆ ਤੇ ਸਹੂਲਤਾਂ ਨੂੰ ਹੋਰ ਵਧਾਉਣ ਦੇ ਇਰਾਦੇ ਨਾਲ ਇਸ ਐਮ ਓ ਯੂ 'ਤੇ ਹਸਤਾਖ਼ਰ ਕੀਤੇ ਗਏ ਹਨ। ਇਸ ਮੌਕੇ ਟਰੱਸਟ ਦੇ ਚੇਅਰਮੈਨ ਸਰਦਾਰ ਗੁਰਇਕਬਾਲ ਸਿੰਘ ਸਾਬਕਾ ਆਈ ਏ ਐਸ ਚੇਅਰਮੈਨ ਅਤੇ ਸਰਦਾਰ ਮਨਜੀਤ ਸਿੰਘ ਸੇਵਾ ਮੁਕਤ ਫੌਜੀ ਅਫਸਰ, ਸਰਦਾਰ ਸਰਬਜੋਤ ਸਿੰਘ ਸਿੱਖਿਆ ਸ਼ਾਸਤਰੀ, ਸਰਦਾਰ ਅਮਰਦੀਪ ਸਿੰਘ ਘਾਨਾ, ਸਰਦਾਰ ਸੁਖਬੀਰ ਸਿੰਘ ਸਿੱਖਿਆ ਸ਼ਾਸਤਰੀ, ਡਾ. ਪ੍ਰੀਤੀ ਆਹੂਜਾ ਸੀ ਏ ਤੇ ਵਿੱਤੀ ਸਲਾਹਕਾਰ, ਸਰਦਾਰ ਆਰ ਐਸ ਆਹੂਜਾ, ਸਰਦਾਰ ਚਰਨਜੀਤ ਸਿੰਘ ਸ਼ਾਹ ਅਤੇ ਸਰਦਾਰ ਆਈ ਐਸ ਬਖਸ਼ੀ ਐਡਵੋਕੇਟ ਨੇ ਦੱਸਿਆ ਕਿ ਸਾਨੂੰ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀਆਂ ਤਿੰਨਾ ਸ਼ਾਖ਼ਾਵਾਂ ਤਿਲਕ ਨਗਰ, ਫਤਿਹ ਨਗਰ ਤੇ ਵਸੰਤ ਵਿਹਾਰ ਦਿੱਤੀਆਂ ਗਈਆਂ ਸਨ ਜਿਹਨਾਂ ਵਿਚ ਅਸੀਂ ਚਾਰ ਮਹੀਨੇ ਕੰਮ ਕੀਤਾ ਹੈ ਤੇ ਇਸ ਨਤੀਜੇ 'ਤੇ ਪਹੁੰਚੇ ਹਾਂ ਕਿ ਅਸੀਂ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀ ਬੇਹਤਰੀ ਵਾਸਤੇ ਰਲ ਕੇ ਕੰਮ ਕਰਾਂਗੇ ਜਿਸ ਵਾਸਤੇ ਸਾਡੇ ਲਈ ਸਕੂਲਾਂ ਦੀ ਇਮੇਜ ਬਿਲਡਅਪ ਅਤੇ ਅਧਿਆਪਕਾਂ ਦੀ ਟਰੇਨਿੰਗ ਵਿਚ ਸੁਧਾਰ ਬਹੁਤ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਵਿਚ ਪਹਿਲਾਂ ਪੜ੍ਹੇ 1 ਲੱਖ ਵਿਦਿਆਰਥੀਆਂ ਜੋ ਇਸ ਵੇਲੇ ਅਮਰੀਕਾ, ਕੈਨੇਡਾ, ਯੂ ਕੇ ਸਮੇਤ ਦੁਨੀਆਂ ਭਰ ਦੇ ਵੱਖ-ਵੱਖ ਦੇਸ਼ਾਂ ਵਿਚ ਰਹਿ ਰਹੇ ਹਨ, ਨੇ ਆਪਸ ਵਿਚ ਹੱਥ ਮਿਲਾ ਲਏ ਹਨ ਤੇ ਫੈਸਲਾ ਕਰ ਲਿਆ ਹੈ ਕਿ ਅਸੀਂ ਆਪਣੀਆਂ ਪੰਥਕ ਸਿੱਖਿਆ ਸੰਸਥਾਵਾਂ ਦੀ ਬੇਹਤਰੀ ਵਾਸਤੇ ਰਲ ਕੇ ਕੰਮ ਕਰਨਗੇ। ਉਹਨਾਂ ਕਿਹਾ ਕਿ ਇਹ ਸਾਰੇ ਇਹੋ ਜਿਹੇ ਜਜ਼ਬਾ ਰੱਖਣ ਵਾਲੇ ਲੋਕ ਹਨ ਜੋ ਨਿਸ਼ਕਾਮ ਸੇਵਾ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡੈਂਗੂ ਦੇ ਖ਼ਾਤਮੇ ਲਈ ਲੋਕਾਂ ਦੇ ਸਹਿਯੋਗ ਦੀ ਲੋੜ -ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**- ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਅਕਾਂਕਸ਼ ਮਹਾਜਨ ਜੀ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਬਾਲੀਆਂ,ਕੁੰਭੜਵਾਲ ,ਲੱਡਾਂ,ਕਾਂਝਲਾ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਨੇ ਲੋਕਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਅਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਹਰਜੀਤ ਸਿੰਘ, ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਕਾਲਜ ਮਹਿਤਾ ਦੇ

# 91ਵੇਂ ਪ੍ਰਤੀਸ਼ਤ ਤੋਂ ਵੱਧ ਅੰਕਾਂ ਵਾਲੇ ਵਿਦਿਆਰਥੀ ਵਿਸ਼ੇਸ਼ ਸਨਮਾਨਿਤ



**ਚੌਕ ਮਹਿਤਾ, 19 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲ਼ਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਬੋਰਡ ਪ੍ਰੀਖਿਆਵਾਂ ਦੇ ਨਤੀਜੇ ਸ਼ਾਨਦਾਰ ਰਹੇ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮੈਟ੍ਰਿਕ ਦੇ ਘੋਸ਼ਿਤ ਕੀਤੇ ਗਏ ਸਨ। ਜਿਸ ਵਿਚ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਦਸਵੀਂ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਕਾਫੀ ਪ੍ਰਸ਼ੰਸਾਯੋਗ ਰਿਹਾ। ਸਕੂਲ ਦੇ ਚਮਕਦੇ ਸਿਤਾਰਿਆਂ ਵਿੱਚ ਅਭੀਜੋਤ ਕੌਰ, ਜਸਕਰਨ ਸਿੰਘ, ਅਰਮਾਨਪ੍ਰੀਤ ਕੌਰ, ਦਮਨਪ੍ਰੀਤ ਕੌਰ ਨੇ 91 % ਅੰਕ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਗਰਵ ਨਾਲ ਉੱਚਾ ਕੀਤਾ ਹੈ। ਇਸ ਸੁਨਿਹਰੀ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਨੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਉੱਜਲੇ ਭਵਿੱਖ ਦੀਆਂ ਦੁਆਵਾਂ ਦਿੱਤੀਆਂ ਅਤੇ ਸਾਰੇ ਅਧਿਆਪਕ ਸਾਹਿਬਾਨਾਂ ਦਾ ਸ਼ੁਕਰੀਆ ਕੀਤਾ।ਇਸ ਉਪਰੰਤ ਉਹਨਾਂ ਨੂੰ ਤਗਮੇ ਪਾ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਤੋਂ ਇਲਾਵਾ ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਸਰਦਾਰ ਰਾਜਵਿੰਦਰ ਸਿੰਘ, ਸਰਦਾਰ ਅਮਨਦੀਪ ਸਿੰਘ, ਸਰਦਾਰ ਬਲਜਿੰਦਰ ਸਿੰਘ ਹਾਕੀ ਕੋਚ, ਸਰਦਾਰ ਸੁਖਦੇਵ ਸਿੰਘ, ਮੈਡਮ ਕੁਲਦੀਪ ਕੌਰ, ਮੈਡਮ ਰਿਤਿਕਾ, ਬਲਜੀਤ ਕੌਰ, ਗੁਰਵਿੰਦਰ ਕੌਰ,ਮਨਜੀਤ ਕੌਰ,ਸੁਪ੍ਰੀਤ ਕੌਰ,ਰੁਪਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ,ਸੁਖਮਨਦੀਪ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਨਵਨੀਤ ਕੌਰ, ਸਰਦਾਰ ਸੁਖਜੀਤ ਸਿੰਘ ,ਕਾਬਲ ਸਿੰਘ ਪੁਰਬਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

### ਭਾਰਤ ਪਾਕਿਸਤਾਨ ਦੀ ਜੰਗ ਦੌਰਾਨ ਜੰਮੂ ਕਸ਼ਮੀਰ 'ਚ ਡਿਊਟੀ ਦੌਰਾਨ ਸ਼ਹੀਦ ਹੋਣ ਵਾਲੇ

# ਅਗਨੀਵੀਰ ਨੌਜਵਾਨ ਆਕਾਸ਼ਦੀਪ ਸਿੰਘ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ



**ਜੰਡਿਆਲਾ ਗੁਰੂ 19 ਮਈ ( ਕੁਲਵੰਤ ਸਿੰਘ ਵਿਰਦੀ )**-ਪਾਕਿਸਤਾਨ ਦੀ ਜੰਗ ਵਿੱਚ ਡਿਊਟੀ ਦੌਰਾਨ ਜੰਮੂ ਕਸ਼ਮੀਰ ਵਿੱਚ ਸ਼ਹੀਦ ਹੋਣ ਵਾਲੇ ਫਰੀਦਕੋਟ ਦੇ ਪਿੰਡ ਚਹਿਲ ਦੇ ਨੌਜਵਾਨ ਅਗਨੀਵੀਰ ਅਕਾਸ਼ਦੀਪ ਸਿੰਘ ਪੰਜਾਬ ਦੇ ਇਸ ਸ਼ਹੀਦ ਨੌਜਵਾਨ ਦੀ ਵੀਡੀਓ ਸੋਸ਼ਲ ਮੀਡੀਆ ਤੇ ਬਹੁਤ ਵਾਇਰਲ ਹੋ ਰਹੀ ਹੈ ਜਿਸ ਵਿੱਚ ਸ਼ਹੀਦ ਨੌਜਵਾਨ ਦੇ ਮਾਤਾ ਪਿਤਾ ਆਪਣੇ ਬੱਚੇ ਦੀਆਂ ਅਸਤੀਆਂ ਉਦੋਂ ਤੱਕ ਜਲ ਪ੍ਰਵਾਹ ਨਹੀਂ ਕਰਨਗੇ ਜਦੋਂ ਤੱਕ ਉਹਨਾਂ ਦੇ ਬੱਚੇ ਨੂੰ ਸ਼ਹੀਦ ਦਾ ਦਰਜਾ ਨਹੀਂ ਦਿੱਤਾ ਜਾਂਦਾ ਇਸ ਸ਼ਹੀਦ ਪਰਿਵਾਰ ਦੇ ਹੱਕ ਵਿੱਚ ਚਟਾਨ ਵਾਂਗ ਨਿਤਰੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਅੱਜ ਉਹਨਾਂ ਨੇ ਅੰਮ੍ਰਿਤਸਰ ਦੇ ਡੀਸੀ ਮੈਡਮ ਸਾਕਸ਼ੀ ਸਾਹਨੀ ਨੂੰ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਦੇ ਨਾਮ ਦਾ ਮੰਗ ਪੱਤਰ ਦਿੱਤਾ ਤੇ ਆਕਾਸ਼ਦੀਪ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਤੇ ਪਰਿਵਾਰ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇ ਇਹਨਾਂ ਸਾਰੀਆਂ ਮੁੱਖ ਮੰਗਾਂ ਨੂੰ ਲੈ ਕੇ ਉਹਨਾਂ ਅੱਜ ਮੰਗ ਪੱਤਰ ਦਿੱਤਾ ਤੇ ਸਰਕਾਰ ਤੇ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਕੀ ਉਹ ਜਲਦ ਤੋਂ ਜਲਦ ਇਸ ਸ਼ਹੀਦ ਪਰਿਵਾਰ ਦੇ ਨਾਲ ਗੱਲਬਾਤ ਕਰਕੇ ਆਕਾਸ਼ਦੀਪ ਸਿੰਘ ਨੂੰ ਸ਼ਹੀਦ ਦਾ ਦਰਜਾ ਦੇਣ ਤੇ ਪਰਿਵਾਰ ਨੂੰ ਬਣਦਾ ਮਾਣ ਸਨਮਾਨ ਦੇਣ ਕਿਉਂਕਿ ਦੇਸ਼ ਲਈ ਸ਼ਹੀਦ ਹੋਣ ਵਾਲੇ ਸਾਡੇ ਦੇਸ਼ ਦਾ ਸਰਮਾਇਆ ਨੇ ਜਿਨਾਂ ਨੇ ਇਸ ਦੇਸ਼ ਲਈ ਇਸ ਮਿੱਟੀ ਲਈ ਆਪਣੀਆਂ ਹੱਸ ਹੱਸ ਕੇ ਜਾਨਾਂ ਵਾਰ ਦਿੱਤੀਆਂ ਸਾਡਾ ਵੀ ਫਰਜ਼ ਬਣਦਾ ਹੈ ਕਿ ਉਹਨਾਂ ਸ਼ਹੀਦ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਲਾ ਕੇ ਖਲੋਈਏ ਗੱਲਬਾਤ ਕਰਦੇ ਹੋਏ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਮੈਂ ਪਰਿਵਾਰ ਦੇ ਨਾਲ ਚਟਾਨ ਵਾਂਗ ਖੜਾ ਹਾਂ ਤੇ ਪਰਿਵਾਰ ਦੀਆਂ ਸਾਰੀਆਂ ਮੁੱਖ ਮੰਗਾਂ ਨੂੰ ਹਰ ਵਿਧਾਇਕ ਤੇ ਮੈਂਬਰ ਪਾਰਲੀਮੈਂਟ ਕੋਲ ਲੈ ਕੇ ਜਾਵਾਂਗਾ ਤੇ ਮੈਂ ਇਸ ਸ਼ਹੀਦ ਪਰਿਵਾਰ ਦੀ ਲੜਾਈ ਆਖਰੀ ਸਾਹ ਤੱਕ ਲੜਾਂਗਾ ਜੋ ਸਾਡੇ ਦੇਸ਼ ਦੀਆਂ ਸਰਹੱਦਾਂ ਤੇ ਸਾਡੀ ਰਾਖੀ ਕਰਦੇ ਨੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਉਹਨਾਂ ਸ਼ਹੀਦ ਪਰਿਵਾਰਾਂ ਦਾ ਸਤਿਕਾਰ ਕਰੀਏ।

**ਪੰਜਾਬ ਸਰਕਾਰ ਤੇ ਭਾਰਤ ਸਰਕਾਰ ਦੇ ਨਾਂ ਤੇ ਡੀ ਸੀ ਅੰਮ੍ਰਿਤਸਰ ਨੂੰ ਦਿੱਤਾ ਮੰਗ ਪੱਤਰ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ**

### ਦਿੱਲੀ ਕਮੇਟੀ ਵਲੋਂ ਨੇਤਾਜੀ ਨਗਰ ਗੁਰਦੁਆਰਾ ਸਾਹਿਬ ਬਾਰੇ ਦਿੱਤਾ ਬਿਆਨ ਮਨਘੜਤ ਅਤੇ ਗੁੰਮਰਾਹਕੁੰਨ : ਜੀ. ਕੇ.

# ਕਿਹਾ.. ਹਰਮੀਤ ਕਾਲਕਾ ਨੂੰ ਨੀਂਦ ਵਿੱਚ ਵੀ ਹੁਣ ਮਨਜੀਤ ਜੀਕੇ ਨਜ਼ਰ ਆਂਦਾ ਹੈ



**ਨਵੀਂ ਦਿੱਲੀ 19 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸਾਬਕਾ ਕਮੇਟੀ ਪ੍ਰਧਾਨ ਮਨਜੀਤ ਸਿੰਘ ਜੀ.ਕੇ. ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੱਲੋਂ ਅੱਜ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਨੇਤਾਜੀ ਨਗਰ ਸਬੰਧੀ ਕੀਤੀ ਗਈ ਪ੍ਰੈਸ ਕਾਨਫਰੰਸ 'ਤੇ ਪ੍ਰਤੀਕਿਰਿਆ ਦਿੱਤੀ ਹੈ। ਕਾਲਕਾ ਵੱਲੋਂ ਕੁਝ ਕਥਿਤ ਗ੍ਰੰਥੀ ਸਿੰਘ ਦੇ ਅਗਵਾ ਦੇ ਮਾਮਲੇ ਵਿੱਚ ਜੀਕੇ ਅਤੇ ਇਸ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਦਿੱਲੀ ਕਮੇਟੀ ਮੈਂਬਰ ਸਤਨਾਮ ਸਿੰਘ ਵਿਰੁੱਧ ਐਫਆਈਆਰ ਦਰਜ ਕਰਨ ਸਬੰਧੀ ਦਿੱਤੇ ਗਏ ਬਿਆਨ ਨੂੰ ਮਨਘੜਤ ਅਤੇ ਗੁੰਮਰਾਹਕੁੰਨ ਦੱਸਿਆ ਗਿਆ ਹੈ। ਜੀਕੇ ਨੇ ਕਿਹਾ ਕਿ ਇਸ ਕਥਿਤ ਐਫਆਈਆਰ ਵਿੱਚ, ਸਾਡੇ ਦੋਵਾਂ ਦੇ ਨਾਮ ਮੁਲਜ਼ਮ ਦੇ ਕਾਲਮ ਵਿੱਚ ਨਹੀਂ ਹਨ। ਹਾਲਾਂਕਿ, ਇਸ ਕਥਿਤ ਐਫਆਈਆਰ ਵਿੱਚ, ਸ਼ਿਕਾਇਤਕਰਤਾ, ਤਰਸੇਮ ਸਿੰਘ, ਆਪਣੀ ਸ਼ਿਕਾਇਤ ਵਿੱਚ ਪੁਲਿਸ ਨੂੰ ਸੇਵਾਦਾਰ ਦੀ ਆਪਣੀ ਪਿਛਲੀ ਪੋਸਟ ਵਾਪਸ ਪ੍ਰਾਪਤ ਕਰਨ ਦੀ ਬੇਨਤੀ ਕਰ ਰਿਹਾ ਹੈ। ਪਰ ਕਾਲਕਾ ਆਪਣੀ ਨੀਂਦ ਵਿੱਚ ਵੀ ਚੀਜ਼ਾਂ ਦੇਖਦਾ ਹੈ, ਇਸ ਲਈ ਐਫਆਈਆਰ ਪੜ੍ਹੇ ਬਿਨਾਂ, ਕਾਲਕਾ ਨੇ ਇੱਕ ਸੁੰਦਰ ਕਾਲਪਨਿਕ ਕਹਾਣੀ ਸੁਣਾਈ। ਕਾਲਕਾ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ, ਜੀ.ਕੇ. ਨੇ ਕਿਹਾ ਕਿ ਪ੍ਰਧਾਨ ਦੇ ਕਾਰਜਕਾਲ ਦੌਰਾਨ ਭਾਈਚਾਰੇ ਦੀ ਜਾਇਦਾਦ ਦੀ ਨਿਲਾਮੀ ਦੀ ਪ੍ਰਕਿਰਿਆ ਚੱਲ ਰਹੀ ਹੈ ਜਿਸ ਕਰਕੇ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਹੁਣ ਉਸਦੀ ਮਾਨਸਿਕ ਸਥਿਤੀ ਠੀਕ ਹੈ। ਕਿਉਂਕਿ ਇੰਨ੍ਹਾ ਹਾਲਾਤਾਂ ਵਿਚ ਕਈ ਵਾਰ ਵਿਅਕਤੀ ਘਬਰਾਹਟ ਵਿੱਚ ਗੁਆਚ ਜਾਂਦਾ ਹੈ। ਮੈਂ ਗੁਰੂ ਸਾਹਿਬ ਨੂੰ ਬੇਨਤੀ ਕਰਦਾ ਹਾਂ ਕਿ ਕਾਲਕਾ ਨੂੰ ਇਸ ਸਥਿਤੀ ਵਿੱਚੋਂ ਬਾਹਰ ਕੱਢੋ ਕਿਉਂਕਿ ਸਿੱਖ ਭਾਈਚਾਰੇ ਦੀ ਜਾਇਦਾਦ ਦੇ ਨਾਲ-ਨਾਲ ਉਨ੍ਹਾਂ ਦਾ ਰੁਤਬਾ ਵੀ ਜਾ ਰਿਹਾ ਹੈ ਅਤੇ ਕਾਲਕਾ ਦੇ ਰਾਜ ਵਿੱਚ ਔਰਤਾਂ ਵੀ ਸੁਰੱਖਿਅਤ ਨਹੀਂ ਹਨ।

# ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸੇਰਪੁਰ ਤੋਂ ਸੰਘੇੜੇ ਤੱਕ ਸੜਕ ਨੂੰ ਚੌੜਾ ਕਰਨ ਦੀ ਕੀਤੀ ਮੰਗ

## ਟਰੈਫਿਕ ਕਾਰਨ ਹੋ ਸਕਦਾ ਹੈ ਕੋਈ ਵੱਡਾ ਹਾਦਸਾ



**ਸ਼ੇਰਪੁਰ, 19 ਮਈ (ਰਣਜੀਤ ਸਿੰਘ ਪੇਧਨੀ)**-ਸ਼ੇਰਪੁਰ ਤੋਂ ਵਾਇਆ ਖੇੜੀ ਕਲਾਂ , ਨੰਗਲ ,ਕਰਮਗੜ ਆਦਿ ਪਿੰਡਾਂ ਚੋਂ ਲੰਘਦੀ ਹੋਈ ਮੇਨ ਸੜਕ ਜੋ ਸੰਘੇੜੇ ਪਿੰਡ ਤੋਂ ਹਾਈਵੇ ਨਾਲ ਜੋੜਦੀ ਹੈ ਟਰੈਫਿਕ ਜਿਆਦਾ ਹੋਣ ਕਾਰਨ ਇਸ ਨੂੰ ਹੋਰ ਚੌੜਾ ਕੀਤਾ ਜਾਣਾ ਬਣਦਾ ਹੈ, ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕਿਹਾ ਕਿ ਇਸ ਸੜਕ ਤੋਂ ਲੰਘਣ ਵਾਲੇ ਆਵਾਜਾਈ ਦੇ ਸਾਧਨਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਕਾਰਨ ਕਦੇ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ, ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕਿਹਾ ਕਿ ਉਪਰੋਕਤ ਪਿੰਡਾਂ ਤੋਂ ਇਲਾਵਾ ਇਸ ਸੜਕ ਤੋਂ ਜਿੱਥੇ ,ਗੁਰਮਾ ,ਗੁੰਮਟੀ ,ਠੁੱਲੀਵਾਲ, ਗੋਬਿੰਦਪੁਰਾ , ਭਗਵਾਨਪੁਰਾ , ਠੁੱਲੇਵਾਲ , ਆਦਿ ਪਿੰਡਾਂ ਦੇ ਲੋਕ ਬਰਨਾਲਾ ਸ਼ਹਿਰ ਜਾਂਦੇ ਹਨ , ਉੱਥੇ ਇਹ ਸੜਕ ਧੂਰੀ ਅਤੇ ਮਲੇਰਕੋਟਲਾ ਤੋਂ ਸੰਗਰੂਰ , ਲੁਧਿਆਣਾ ,ਜਲੰਧਰ ਆਦਿ ਅਨੇਕਾਂ ਵੱਡੇ ਸ਼ਹਿਰਾਂ ਨਾਲ ਵੀ ਜੋੜਦੀ ਹੈ, ਉਹਨਾਂ ਦੱਸਿਆ ਕਿ ਧੂਰੀ ਤੋਂ ਸੇਰਪੁਰ ਤੱਕ ਇਹੀ ਸੜਕ ਪਹਿਲਾਂ ਹੀ ਮੁਕੰਮਲ ਹੋ ਚੁੱਕੀ ਹੈ, ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸੰਗਰੂਰ ਤੋਂ ਮਾਣਯੋਗ ਮੈਂਬਰ ਪਾਰਲੀਮੈਂਟ ਸ੍ਰੀ ਮੀਤ ਹੇਅਰ , ਡਿਪਟੀ ਕਮਿਸ਼ਨਰ ਬਰਨਾਲਾ ਅਤੇ ਡਿਪਟੀ ਕਮਿਸ਼ਨਰ ਸੰਗਰੂਰ ਤੋਂ ਮੰਗ ਕੀਤੀ ਹੈ ਕਿ ਸੰਘੇੜਾ ਪਿੰਡ ਤੋਂ ਸੇਰਪੁਰ ਤੱਕ ਇਸ ਸੜਕ ਨੂੰ ਕੇਂਦਰੀ ਪ੍ਰੋਜੈਕਟ ਦਾ ਹਿੱਸਾ ਮੰਨਦੇ ਹੋਏ ਇਸ ਨੂੰ ਚੌੜਾ ਕੀਤਾ ਜਾਵੇ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਕਿਸੇ ਵੱਡੀ ਦੁਰਘਟਨਾ ਤੋਂ ਬਚਿਆ ਜਾ ਸਕੇ।

# ਅਕਸ਼ਰਧਾਮ ਦੇ ਮੁੱਖੀ ਮੁਨੀ ਵਸਤਲ ਸੁਆਮੀ ਨਾਲ ਵਿਰਾਸਤ ਸਿੱਖੀਜ਼ਮ ਟਰਸਟ ਦੇ ਚੇਅਰਮੈਨ ਸਰਦਾਰ ਰਜਿੰਦਰ ਸਿੰਘ ਦੀ ਹੋਈ ਵਿਸ਼ੇਸ਼ ਮੁਲਾਕਾਤ

## ਪੰਜਾਬ ਦੀ ਸਾਹਿਤਕ ਸਾਂਝ ਦੇ 18ਵੀਂ ਸਦੀ ਦੇ ਇਤਿਹਾਸਕ ਦਸਤਾਵੇਜ਼ਾਂ ਉਪਰ ਮਿਲਕੇ ਕਰਨਗੇ ਕੰਮ



ਨਵੀਂ ਦਿੱਲੀ 19 ਮਈ (ਮਨਪ੍ਰੀਤ ਸਿੰਘ ਖਾਲਸਾ):- ਵਿਰਾਸਤ ਸਿੱਖੀਜ਼ਮ ਟਰਸਟ ਦੇ ਚੇਅਰਮੈਨ ਸਰਦਾਰ ਰਜਿੰਦਰ ਸਿੰਘ ਨੇ ਦਿੱਲੀ ਦੇ ਅਕਸ਼ਰਧਾਮ ਦੇ ਮੁੱਖੀ ਮੁਨੀ ਵਸਤਲ ਸੁਆਮੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਤੇ ਸੁਆਮੀ ਜੀ ਨੇ ਸਰਦਾਰ ਰਜਿੰਦਰ ਸਿੰਘ ਨੂੰ ਜੀ ਆਇਆਂ ਕਿਹਾ ਅਤੇ ਪ੍ਰਮੁੱਖ ਸੁਆਮੀ ਮਹਾਰਾਜ ਦੀ ਜੀਵਨੀ ਦਾ ਕਿਤਾਬਚਾ ਦੇ ਕੇ ਸਨਮਾਨਿਤ ਕੀਤਾ। ਇਸ ਮੁਲਾਕਾਤ ਦੌਰਾਨ ਗੁਜਰਾਤ ਅਤੇ ਪੰਜਾਬ ਦੀ ਸਾਹਿਤਕ ਸਾਂਝ ਦੇ ਖੇਤਰ ਵਿਚ ਕੁਝ 18ਵੀਂ ਸਦੀ ਦੇ ਇਤਿਹਾਸਕ ਦਸਤਾਵੇਜ਼ਾਂ ਉਤੇ ਕੰਮ ਕਰਨ ਲਈ ਵੀ ਸਹਮਤੀ ਬਣੀ। ਇਸ ਮੌਕੇ ਸਵਾਮੀ ਜੀ ਨੇ ਪੰਜਾਬੀ ਮਾਂ ਬੋਲੀ ਨਾਲ ਅਤੇ ਸਿੱਖ ਪੰਥ ਨਾਲ ਅਪਣੇ ਵਿਸ਼ੇਸ਼ ਪ੍ਰੇਮ ਨੂੰ ਜ਼ਾਹਰ ਕਰਦਿਆਂ ਕਿਹਾ ਕਿ ਜਲਦ ਹੀ ਉਹ ਅਪਣੇ ਸੰਸਥਾ ਦੀਆਂ ਕੁਝ ਕਿਤਾਬਾਂ ਨੂੰ ਪੰਜਾਬੀ ਵਿਚ ਅਨੁਵਾਦ ਕਰਵਾਕੇ ਛਪਵਾਣਗੇ। ਇਸ ਮੌਕੇ ਸਰਦਾਰ ਰਜਿੰਦਰ ਸਿੰਘ ਨੇ ਦੱਸਿਆ ਕਿ ਸੰਸਥਾ ਦੇ 18 ਵੀਂ ਸਦੀ ਦੇ ਕੁਝ ਇਤਿਹਾਸਕ ਦਸਤਾਵੇਜ਼ਾਂ ਜਿਨ੍ਹਾਂ ਵਿਚ ਉਸ ਸਮੇਂ ਦੇ ਪੰਜਾਬ ਬਾਰੇ ਜਾਣਕਾਰੀ ਮਿਲਦੀ ਹੈ ਉਨ੍ਹਾਂ ਖਲੜਿਆਂ ਉਤੇ ਕੰਮ ਕਰਨ ਦਾ ਉਪਰਾਲਾ ਵੀ ਟਰੱਸਟ ਵੱਲੋਂ ਕੀਤਾ ਜਾਵੇਗਾ। ਰਜਿੰਦਰ ਸਿੰਘ ਨੇ ਕਿਹਾ ਕਿ ਇਨ੍ਹਾਂ ਦਸਤਾਵੇਜ਼ਾਂ ਉਤੇ ਕੰਮ ਕਰਨ ਨਾਲ ਸਾਨੂੰ ਅਪਣੇ ਸਤਿਕਾਰ ਯੋਗ ਪੰਜ ਪਿਆਰਿਆਂ ਵਿਚੋਂ ਭਾਈ ਮੋਹਕਮ ਸਿੰਘ ਜੀ ਜੋਕਿ ਦਵਾਰਕਾ (ਗੁਜਰਾਤ) ਦੇ ਸਨ, ਉਨ੍ਹਾਂ ਦੇ ਇਤਿਹਾਸ ਬਾਰੇ ਹੋਰ ਜਾਣਕਾਰੀਆਂ ਇਕੱਠੀ ਕਰਨ ਲਈ ਵੀ ਮਦਦ ਮਿਲ ਸਕਦੀ ਹੈ।

# ਤਰਨ ਤਾਰਨ ਝਬਾਲ ਥਾਣੇ'ਚ ਗੁਰੂ ਘਰ ਦੇ ਗ੍ਰੰਥੀ ਸਿੰਘ ਤੋ 6 ਪਾਣੀ ਦੀਆਂ ਬੋਤਲਾਂ ਭਰਵਾਕੇ ਇਕਬਾਲ ਨਾਵੇਂ ਰਾਹੀਂ ਝੂਠਾ ਪਰਚਾ ਦਰਜ਼ ਕਰਨਾ ਪੁਲਿਸ ਦੀ ਵੱਡੀ ਧੱਕੇਸਾਹੀ ਬੇਇਨਸਾਫ਼ੀ ਤੇ ਨਿੰਦਣਯੋਗ ਘਟਨਾ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 19 ਮਈ ( ਕੁਲਵੰਤ ਸਿੰਘ ਵਿਰਦੀ )**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਤਰਨਤਾਰਨ ਦੇ ਥਾਣਾ ਝਬਾਲ ਦੀ ਪੁਲਿਸ ਵੱਲੋਂ ਵੱਡੀ ਬੇਇਨਸਾਫ਼ੀ ਤੇ ਧੱਕੇਸਾਹੀ ਰਾਹੀਂ ਇੱਕ ਗੁਰਦੁਆਰੇ ਦੇ ਗ੍ਰੰਥੀ ਸਿੰਘ ਤੇ 6 ਬੋਤਲਾਂ ਸ਼ਰਾਬ ਦਾ ਪਰਚਾ ਦਰਜ਼ ਕਰਨ ਵਾਲੀ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦਿਆਂ ਮੰਗ ਕੀਤੀ ਅਤੇ ਸਥਾਨਕ ਪਿੰਡ ਵਾਸੀਆਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਕਮੇਟੀ ਮੈਂਬਰਾਂ ਵੱਲੋਂ ਪਰਚਾ ਰੱਦ ਕਰਵਾਉਣ ਲਈ ਨਿਭਾਈ ਭੂਮਿਕਾ ਦੀ ਜ਼ੋਰਦਾਰ ਸ਼ਬਦਾਂ'ਚ ਸ਼ਲਾਘਾ ਕੀਤੀ ਅਤੇ ਪੁਲਿਸ ਤੋਂ ਮੰਗ ਕੀਤੀ ਇਸ ਬੇਇਨਸਾਫ਼ੀ ਤੇ ਧੱਕੇਸਾਹੀ ਰਾਹੀਂ ਦਰਜ ਕੀਤੇ ਪਰਚੇ ਤੁਰੰਤ ਵਾਪਸ ਲਿਆ ਜਾਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਤਰਨਤਾਰਨ ਝਬਾਲ ਪੁਲਿਸ ਦੇ ਇਸ ਵਰਤਾਰੇ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਅਤੇ ਇਸ ਨੂੰ ਤੁਰੰਤ ਰੱਦ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਹੋਇਆ ਇਸ ਤਰ੍ਹਾਂ ਕਿ ਝੂਬਾਲ ਪੁਲਿਸ ਨੇ ਕਿਸੇ ਉੱਚ ਸਿਆਸੀ ਦੀ ਸਹਿ ਤੇ ਗੁਰਦੁਆਰਾ ਸਹਿਬ ਦੇ ਗ੍ਰੰਥੀ ਸਿੰਘ ਤੋ 6 ਬੋਤਲਾਂ ਪਾਣੀ ਦੀਆਂ ਭਰਵਾਈਆਂ, ਭਾਈ ਖਾਲਸਾ ਨੇ ਦੱਸਿਆ ਗ੍ਰੰਥੀ ਦੇ ਹੱਥ ਵਿੱਚ ਇਹ ਪਾਣੀ ਵਾਲੀਆਂ ਬੋਤਲਾ ਫੜਾ ਕੇ ਉਸ ਤੋਂ ਇਕਬਾਲ ਕਰਵਾਇਆ ਗਿਆ ਮੈਂ ਇਸ ਸ਼ਰਾਬ ਵੇਚਣ ਜਾ ਰਿਹਾ ਸੀ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਕਿ ਇਸ ਮੌਕੇ ਤੇ ਗ੍ਰੰਥੀ ਸਿੰਘ ਦੀ ਵੀਡੀਓ ਵੀ ਤਿਆਰ ਕੀਤੀ ਗਈ, ਭਾਈ ਖਾਲਸਾ ਨੇ ਦੱਸਿਆ ਪੁਲਿਸ ਦੀ ਇਸ ਧੱਕੇਸਾਹੀ ਤੇ ਬੇਇਨਸਾਫ਼ੀ ਵਾਲੀ ਘਟਨਾ ਲਈ ਸਥਾਨਕ ਲੋਕਾਂ ਤੇ ਸਤਿਕਾਰ ਕਮੇਟੀ ਨੇ ਜਦੋਂ ਪੁਲਿਸ ਤੇ ਦਬਾਅ ਬਣਾਇਆ ਤੇ ਵਾਰਨਿੰਗ ਦਿੱਤੀ ਕਿ ਅਗਰ ਝੂਬਾਲ ਪੁਲਿਸ ਨੇ ਇਹ ਝੂਠਾਂ ਪ੍ਰਚਾ ਦਰਜ਼ ਨਾਂ ਕੀਤਾ ਤਾਂ ਤਰਨਤਾਰਨ ਦੇ ਐਸ ਐਸ ਪੀ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ, ਭਾਈ ਖਾਲਸਾ ਨੇ ਦੱਸਿਆ ਸਥਾਨਕ ਲੋਕਾਂ ਤੇ ਸਤਿਕਾਰ ਕਮੇਟੀ ਮੈਂਬਰਾਂ ਵੱਲੋਂ ਦਬਾਅ ਬਣਾਉਣ ਦੀ ਸੂਰਤ ਵਿੱਚ ਹੁਣ ਝੁਬਾਲ ਪੁਲਿਸ ਨੇ ਝੂਠਾ ਪਰਚਾ ਰੱਦ ਕਰਨ ਦੀ ਗੱਲ ਮੰਨ ਲਈ ਹੈ, ਭਾਈ ਖਾਲਸਾ ਨੇ ਦੱਸਿਆ ਪੁਲਿਸ ਦੀ ਇਸ ਧੱਕੇਸਾਹੀ ਤੇ ਬੇਇਨਸਾਫ਼ੀ ਦੀ ਸਥਾਨਕ ਲੋਕਾਂ ਵੱਲੋਂ ਨਿੰਦਿਆ ਕੀਤੀ ਜਾ ਰਹੀ ਕਿ ਧੱਕੇ ਸ਼ਾਹੀ ਰਾਹੀਂ ਗ੍ਰੰਥੀ ਸਿੰਘ ਤੇ ਪ੍ਰਚਾ ਦਰਜ ਕਰਨ ਵਾਲੇ ਪੁਲਿਸ ਅਧਿਕਾਰੀਆਂ ਤੇ ਪ੍ਰਚਾ ਦਰਜ ਕੀਤਾ ਜਾਵੇ ਤਾਂ ਕਿ ਸਿਆਸੀ ਦਬਾਅ ਹੇਠ ਕਿਸੇ ਸ਼ਰੀਫ਼ ਧਾਰਮਿਕ ਆਗੂ ਨੂੰ ਬਦਨਾਮ ਕਰਨ ਦੀ ਕੋਈ ਪੁਲਿਸ ਅਧਿਕਾਰੀ ਹਿੰਮਤ ਨਾ ਕਰ ਸਕੇ, ਭਾਈ ਖਾਲਸਾ ਨੇ ਦੱਸਿਆ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਇਸ ਮੰਦਭਾਗੀ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਉਥੇ ਮੰਗ ਕਰਦੀ ਹੈ ਕਿ ਇਸ ਝੂਠੇ ਪਰਚੇ ਨੂੰ ਰੱਦ ਕੀਤਾ ਜਾਵੇ ਅਤੇ ਸਿਆਸੀ ਦਬਾਅ ਹੇਠ ਪ੍ਰਚਾ ਦਰਜ਼ ਕਰਨ ਵਾਲੇ ਪੁਲਿਸ ਅਧਿਕਾਰੀਆਂ ਤੇ ਪਰਚਾ ਦਰਜ ਕੀਤਾ ਜਾਵੇ ।

# ਦਮਦਮੀ ਟਕਸਾਲ (ਜਥਾ ਭਿੰਡਰਾਂ)

ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜ਼ਿਲਾ ਅੰਮ੍ਰਿਤਸਰ

ਦਮਦਮੀ ਟਕਸਾਲ ਦੇ 14ਵੇਂ ਮੁਖੀ, ਵੀਹਵੀਂ ਸਦੀ ਦੇ ਮਹਾਨ ਜਰਨੈਲ,
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ 'ਭਿੰਡਰਾਂਵਾਲਿਆਂ'
ਅਤੇ ਉਹਨਾਂ ਨਾਲ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ

# ੪੧ਵੇਂ ਸ਼ਹੀਦੀ ਸਮਾਗਮ

ਨੂੰ ਮੁੱਖ ਰੱਖਦਿਆ



# ਵਿਸ਼ੇਸ ਮੀਟਿੰਗ

## ਮਿਤੀ 20 ਮਈ 2025
## ਦਿਨ ਮੰਗਲਵਾਰ ਨੂੰ

(ਸਵੇਰੇ 11 ਵਜੇ ਤੋਂ ਅਰੰਭ)

**ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਹੈੱਡ ਕੁਆਟਰ ਦਮਦਮੀ ਟਕਸਾਲ ਮਹਿਤਾ (ਅੰਮ੍ਰਿਤਸਰ) ਵਿਖੇ ਹੋਵੇਗੀ।**

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ: ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ'
ਮੁਖੀ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ), ਸੰਪਰਕ: 99158-00904

### ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੀ ਪਵਿੱਤਰਤਾ ਬਹਾਲੀ 'ਤੇ ਕੈਮੀਕਲ ਪਾ ਕੇ

# ਨਕਲੀ ਖਾਣ ਪੀਣ ਵਾਲੀਆਂ ਵਸਤੂਆਂ ਦੀ ਵਿਕਰੀ 'ਤੇ ਰੋਕ ਲਾਈ ਜਾਵੇ

**ਜੰਡਿਆਲਾ ਗੁਰੂ, 19 ( ਕੁਲਵੰਤ ਸਿੰਘ ਵਿਰਦੀ )**-ਭਗਵੰਤ ਮਾਨ ਸਰਕਾਰ ਪੰਜਾਬ ਚ ਨਸਿਆ ਨੂੰ ਬੰਦ ਕਰਾਉਣ ਵਿਰੁੱਧ ਚਲਾਈ ਗਈ ਮੁਹਿੰਮ ਦੇ ਤਹਿਤ ਸਭ ਤੋਂ ਪਹਿਲਾਂ ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਜੀ ਦੇ ਦਰਸ਼ਨ ਕਰਨ ਵਾਲੇ ਆਉਣ ਜਾਣ ਵਾਲੇ ਵੱਖ ਵੱਖ ਰਸਤਿਆਂ ਵਿੱਚੋਂ ਸਰਾਬ ਦੇ ਠੇਕੇ ਤੇ ਪਾਨ ਬੀੜੀਆਂ ਤਮਾਕੂ ਦੀਆਂ ਦੁਕਾਨਾਂ ਤੇ ਮੱਛੀ ਮੰਡੀ ਆਡੇ ਮੀਟ ਦੀਆ ਦੁਕਾਨਾਂ ਤੇ ਦੇਹ ਵਪਾਰ ਦੇ ਧੰਦੇ ਹੋਟਲ ਦੁਕਾਨਾਂ ਸਰੇਆਮ ਪਵਿੱਤਰਤਾ ਭੰਗ ਕਰ ਰਹੀਆਂ ਹਨ ਸਰਕਾਰ ਇਨਾਂ ਨੂੰ ਪੱਕੇ ਤੌਰ ਤੇ ਬੰਦ ਕਰਨ ਦੀ ਸੁਰੂਆਤ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਤੋ ਕਰਕੇ ਪਵਿੱਤਰਤਾ ਬਹਾਲ ਕੀਤੀ ਜਾਵੇ ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਅੱਜ ਮੁੱਖ ਮੰਤਰੀ ਪੰਜਾਬ ਦੇ ਨਾਮ ਤੇ ਮੰਗ ਪੱਤਰ ਮੈਡਮ ਜੋਤੀ ਬਾਲਾ ਮੱਟੂ ਐਡੀਸ਼ਨਲ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਸੌਂਪਿਆ ਗਿਆ ਅੱਗੇ ਭੋਮਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਬਾਬਾ ਦੀਪ ਸਿੰਘ ਜੀ ਸ਼ਹੀਦ ਸ੍ਰੀ ਦੁਰਗਿਆਣਾ ਮੰਦਰ ਆਦਿ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਨ ਸਮੇਂ ਬੱਸ ਸਟੈਂਡ ਰੇਲਵੇ ਸਟੇਸ਼ਨ ਤੋ ਚੋਕ ਮਹਾ ਸਿੰਘ ਹਾਲ ਗੇਟ ਥਾਣਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰ ਵਿੱਚ ਤੇ ਹੋਰ ਬਜਾਰਾਂ ਵਿੱਚ ਸੰਗਤਾਂ ਦੇ ਮੱਥੇ ਲਗਦੇ ਸਰਾਬ ਦੇ ਠੇਕੇ ਪਾਨ ਬੀੜੀਆਂ ਦੀਆਂ ਦੁਕਾਨਾਂ ਤੇ ਮੀਟ ਮੱਛੀ ਮੰਡੀ ਆਡੇ ਦੀਆਂ ਦੁਕਾਨਾਂ ਭੈੜੀ ਸਮੈਲ ਮਾਰ ਰਹੀਆਂ ਹੁੰਦੀਆਂ ਹਨ ਤੇ ਦੇਹ ਵਪਾਰ ਦੇ ਹੋਟਲ ਗੰਦਗੀ ਪਾ ਕੇ ਵਾਤਾਵਰਣ ਖਰਾਬ ਕੀਤਾ ਹੋਇਆ ਹੈ ਤੇ ਦਰਸ਼ਨ ਕਰਨ ਆ ਰਹੀਆਂ ਦੇਸ ਵਿਦੇਸ ਤੋਂ ਸੰਗਤਾਂ ਦੀਆਂ ਭਾਵਨਾ ਨੂੰ ਠੇਸ ਪਹੁੰਚਾ ਰਹੀਆਂ ਹਨ ਪਹਿਲ ਦੇ ਅਧਾਰ ਤੇ ਤੁਰੰਤ ਸਾਰੀਆਂ ਦੁਕਾਨਾਂ ਬੰਦ ਕਰਕੇ ਦੂਰ ਦੁਰਾਡੇ ਵੱਖਰੀ ਮਾਰਕੀਟ ਬਣਾਈ ਜਾਵੇ ਤੇ ਗੁਰੂ ਨਗਰੀ ਸਿਫਤੀ ਦੇ ਘਰ ਦੀ ਪਵਿੱਤਰਤਾ ਬਹਾਲੀ ਕੀਤੀ ਜਾਵੇ ਮੁੱਖ ਮੰਤਰੀ ਪੰਜਾਬ ਤੇ ਕੈਬਨਿਟ ਮੰਤਰੀਆ ਤੇ ਜਿਲ੍ਹਾ ਪ੍ਰਸਾਸਨ ਅੰਮ੍ਰਿਸਰ ਨਸਿਆ ਵਿਰੁੱਧ ਪਵਿੱਤਰਤਾ ਬਹਾਲੀ ਦੀ ਸ਼ੁਰੂਆਤ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਦੀ ਗੁਰੂ ਨਗਰੀ ਅੰਮ੍ਰਿਤਸਰ ਸਾਹਿਬ ਤੋਂ ਆਰੰਭ ਕੀਤੀ ਜਾਵੇ ਭਾਈ ਰਣਜੀਤ ਸਿੰਘ ਭੋਮਾ ਨੇ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਕਸਬਿਆਂ ਵਿੱਚ ਸਰੇਆਮ ਪੰਜਾਬ ਵਿੱਚ 70 ਫੀਸਦੀ ਨਕਲੀ ਦੁੱਧ ਨਕਲੀ ਦਹੀ ਨਕਲੀ ਪਨੀਰ ਨਕਲੀ ਦੇਸੀ ਘਿਉ ਨਕਲੀ ਮਿਠਾਈਆਂ ਆਦਿ ਸਰੇਆਮ ਸਰਫ ਪਾਊਡਰ ਰਿਫਾਂਈਡ ਕੈਮੀਕਲ ਪਾ ਕੇ ਲੱਖਾਂ ਦੀ ਗਿਣਤੀ ਵਿੱਚ ਬਜਾਰਾਂ ਵਿੱਚ ਮਿਠਾ ਨਕਲੀ ਜਹਿਰ ਬਣਕੇ ਵਿੱਕ ਰਿਹਾ ਹੈ ਪੰਜਾਬ ਵਿੱਚ ਦੁੱਧ ਦੇਣ ਵਾਲੇ ਦੁਧਾਰੂ ਪਸ਼ੂਆਂ ਦੀ ਗਿਣਤੀ ਬਹੁਤ ਘੱਟ ਹੈ ਪੰਜਾਬ ਵਿੱਚ ਦੁੱਧ ਦਹੀ ਦੇਸੀ ਘਿਉ ਪਨੀਰ ਆਦਿ ਦੀ ਪੈਦਾਵਰ ਪੂਰੀ ਨਹੀਂ ਹੋ ਰਹੀ ਸਿਹਤ ਵਿਭਾਗ ਦੀ ਅਣਗਹਿਲੀ ਕਰਕੇ ਤੇ ਸਹਿ ਤੇ ਖਾਣ ਪੀਣ ਵਾਲੀਆਂ ਚੀਜ਼ਾਂ ਜੋਰਾਂ ਤੇ ਵਿਕ ਰਹੀਆਂ ਹਨ ਜਹਿਰ ਰੂਪੀ 70 ਫੀਸਦੀ ਵੱਖ ਵੱਖ ਕਾਰੋਬਾਰ ਕਰਨ ਵਾਲੇ ਪਬਲਿਕ ਨੂੰ ਨਕਲੀ ਜਹਿਰ ਵਸਤੂਆਂ ਵੇਚ ਕੇ ਕਮਾਈ ਕਰ ਰਹੇ ਹਨ ਤੇ ਪਿਛਲੇ ਦਿਨੀ ਨਕਲੀ ਸਰਾਬ ਫਰੂਟੀ 20 ਰੂਪੈ 50 ਰੂਪੈ ਵਾਲੀ ਸਰਾਬ ਨਾਲ ਦਰਜਨਾਂ ਦੀ ਗਿਣਤੀ ਵਿੱਚ ਮੌਤਾਂ ਹੋਈਆਂ ਹਨ ਆਉਣ ਵਾਲੇ ਸਮੇਂ ਵਿੱਚ ਨਕਲੀ ਦੁੱਧ ਦਹੀ ਪਨੀਰ ਦੇਸੀ ਘਿਉ ਸਰਫ ਪਾਊਡਰ ਰਿਫਾਈਂਡ ਕੈਮੀਕਲ ਆਦਿ ਖਾਕੇ ਲੱਖਾਂ ਦੀ ਗਿਣਤੀ ਵਿੱਚ ਲੋਕ ਵੱਡੀਆਂ ਮਾਰੂ ਬਿਮਾਰੀਆਂ ਦੇ ਸਿਕਾਰ ਹੋ ਰਹੇ ਹਨ ਅੱਗੇ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਵੱਡੇ ਪੱਧਰ ਤੇ ਪੰਜਾਬ ਦੇ ਵੱਖ ਵੱਖ ਜਿਲ੍ਹਿਆਂ ਵਿੱਚ ਰੋਜ਼ਾਨਾਂ ਹੀ ਐਕਸੀਜ ਵਿਭਾਗ , ਸਿਹਤ ਵਿਭਾਗ ਤੇ ਵਿਜੀਲੈਂਸ ਵਿਭਾਗ ਦੀਆਂ ਟੀਮਾਂ ਨੂੰ ਸੋਹਾਂ ਚੁਕਾਕੇ ਵੱਖ ਵੱਖ ਪੰਜਾਬ ਦੇ ਸਹਿਰਾਂ ਪਿੰਡਾ ਵਿੱਚ ਦੁੱਧ ਦਹੀ ਪਨੀਰ ਦੇਸੀ ਘਿਉ ਮਿਠਾਈਆਂ ਆਦਿ ਦੀ ਵੱਡੇ ਪੱਧਰ ਤੇ ਸੈਪਲ ਲੈਕੇ ਚੈਕਿੰਗ ਕੀਤੀ ਜਾਵੇ ਅਤੇ ਦੋਸ਼ੀ ਪਾਏ ਗਏ ਵਿਅਕਤੀਆਂ ਤੇ ਸਖਤ ਧਾਰਾ ਤਹਿਤ ਕਾਰਵਾਈ ਕਰਕੇ ਜੇਲ੍ਹਾਂ ਵਿੱਚ ਸੁੱਟਿਆ ਜਾਵੇ ਅਤੇ ਦੁਕਾਨਾਂ ਪੱਕੇ ਤੌਰ ਤੇ ਸੀਲ ਕੀਤੀਆ ਜਾਣ ਤਾਂ ਜੋ ਪੰਜਾਬ ਦੇ ਲੋਕਾਂ ਨੂੰ 100 ਫੀਸਦੀ ਖਾਣ ਪੀਣ ਵਾਲੀਆਂ ਸਾਰੀਆਂ ਵਸਤੂਆਂ ਅਸਲੀ ਮਿਲ ਸਕਣ ਤੇ ਵੱਖ ਵੱਖ ਲੱਗ ਰਹੀਆਂ ਬੀਮਾਰੀਆਂ ਤੋਂ ਬਚ ਸਕਣ ਤੇ ਭ੍ਰਿਸਟਾਚਾਰ ਸਿਹਤ ਵਿਭਾਗ ਤੇ ਐਕਸੀਜ ਵਿਭਾਗ ਦੇ ਕਰਮਚਾਰੀਆਂ ਦੀਆਂ ਬਦਲੀਆਂ 100 ਕਿਲੋਮੀਟਰ ਦੂਰੀ ਤੇ ਕੀਤੀਆਂ ਜਾਣ ਤੇ ਘਰ ਦੀ ਜਾਇਦਾਦ ਵਿਜੀਲੈਂਸ ਵਿਭਾਗ ਵੱਲੋਂ ਚੈਕ ਕੀਤੀ ਜਾਵੇ ਇਸ ਮੌਕੇ ਮੰਗ ਪੱਤਰ ਦੇਣ ਸਮੇਂ ਰਣਜੀਤ ਸਿੰਘ ਭੋਮਾ ਪ੍ਰਧਾਨ ਸਮਾਜ ਸੁਧਾਰ ਸੰਸਥਾ ਪੰਜਾਬ ਤੇ ਸ੍ਰ ਅਮਰ ਸਿੰਘ ਭੰਗੂ ਗੁਮਟਾਲਾ ਬਲਜੀਤ ਸਿੰਘ ਗੁਮਟਾਲਾ ਭਾਈ ਵਰਿਆਮ ਸਿੰਘ ਅਗਵਾਨ ਹਾਜਰ ਸਨ।



**ਮੁੱਖ ਮੰਤਰੀ ਪੰਜਾਬ ਦੇ ਨਾਮ ਐਡੀਸ਼ਨਲ ਡਿਪਟੀ ਕਮਿਸਨਰ ਅੰਮ੍ਰਿਤਸਰ ਨੂੰ ਸੌਂਪਿਆ ਮੰਗ ਪੱਤਰ : ਰਣਜੀਤ ਸਿੰਘ ਭੋਮਾ**

### ਪੰਜਾਬ ਨਾਨ ਗਜਟਿਡ ਫਾਰੈਸਟ ਆਫੀਸਰਜ਼ ਯੂਨੀਅਨ ਦੀਆਂ

# ਜਥੇਬੰਦਕ ਚੋਣਾਂ ਸੰਪਨ : ਗੁਰਿੰਦਰ ਸਹੋਤਾ ਬਣੇ ਪੰਜਾਬ ਪ੍ਰਧਾਨ




**ਫ਼ਿਰੋਜ਼ਪੁਰ, 19 ਮਈ (ਮਨੋਹਰ ਲਾਲ) :—** ਜਥੇਬੰਦੀ ਦੇ 2025—2027 ਦੇ ਕਾਰਜਕਾਲ ਲਈ ਪੰਜਾਬ ਨਾਨ ਗ਼ਜ਼ਿਟਡ ਫਾਰੈਸਟ ਆਫ਼ੀਸਰਜ਼ ਯੂਨੀਅਨ ਦੀ ਚੋਣ ਲੁਧਿਆਣਾ ਵਿਖੇ ਮਲਹੋਤਰਾ ਰਿਜ਼ੋਰਟਸ ਵਿਖੇ ਹੋਈ, ਜਿਸ ਵਿਚ ਪੰਜਾਬ ਦੇ ਸਾਰੇ ਵਣ ਮੰਡਲਾਂ ਦੇ ਸਾਥੀਆਂ ਨੇ ਸ਼ਿਰਕਤ ਕੀਤੀ। ਸਮਾਗਮ ਦੇ ਸ਼ੁਰੂਆਤ ਦੌਰਾਨ ਪਹਿਲਗਾਮ ਵਿੱਚ ਸ਼ਹੀਦ ਹੋਏ ਅਤੇ ਵਣ ਵਿਭਾਗ ਦੇ ਡਿਊਟੀ ਦੌਰਾਨ ਸ਼ਹੀਦ ਹੋਏ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀਆਂ ਗਈਆਂ, ਜਿਸ ਉਪਰੰਤ ਚੋਣ ਇਜਲਾਸ ਦੀ ਕਰਵਾਈ ਸਾਥੀ ਹਰਦੀਪ ਪਨੇਸਰ ਅਤੇ ਅਮਰਿੰਦਰ ਨਾਭਾ ਵੱਲੋਂ ਚਲਾਈ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਪਨੇਸਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਜਗਦੀਪ ਸਿੰਘ ਕੁੰਬੜਾ ਪ੍ਰਧਾਨ ਆਲ ਇੰਡੀਆ ਫਾਰੈਸਟ ਆਫ਼ੀਸਰਜ਼ ਫੈਡਰੇਸ਼ਨ, ਸੌਰਵ ਵਸਿਸ਼ਟ ਡਿਪਟੀ ਜਨਰਲ ਸੈਕਟਰੀ, ਕਮਲ ਯਾਦਵ ਨੈਸ਼ਨਲ ਕੋਆਰਡੀਨੇਟਰ ਏ.ਆਈ.ਐਫ.ਓ.ਐਫ, ਜਗਦੀਪ ਸਿੰਘ ਢਿੱਲੋਂ, ਰਣਧੀਰ ਸਿੰਘ ਚੱਕਲ, ਅਮਰੀਕ ਸਿੰਘ ਚੌਹਾਨ, ਬਲਵਿੰਦਰ ਸਿੰਘ ਸੰਧੂ ਪ੍ਰਧਾਨ ਫਾਰੈਸਟ ਪੈਨਸ਼ਨਰਜ਼ ਐਸੋਸੀਏਸ਼ਨ, ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਫ਼ਾਰੈਸਟ ਪੈਨਸ਼ਨਰਜ ਐਸੋਸੀਏਸ਼ਨ ਰੇਂਜ ਅਫ਼ਸਰ ਮਲਕੀਤ ਸਿੰਘ, ਰੇਂਜ ਅਫ਼ਸਰ ਐਸੋਸੀਏਸ਼ਨ ਤੋਂ ਮਨਪ੍ਰੀਤ ਸਿੰਘ, ਮਨਦੀਪ ਸਿੰਘ ਢਿੱਲੋਂ, ਰਘਵੀਰ ਸਿੰਘ, ਅਮਨਦੀਪ ਸਿੰਘ ਭੰਦੋਹਲ, ਸਵਰਨ ਸਿੰਘ ਜਵੰਧਾ, ਜਸਵਿੰਦਰ ਸਿੰਘ ਔਲਖ ਬਠਿੰਡਾ, ਅਮਰੀਕ ਸਿੰਘ ਪ੍ਰਧਾਨ ਜੰਗਲਾਤ ਵਰਕਰ ਯੂਨੀਅਨ ਸਮੇਤ ਜਥੇਬੰਦੀ ਦੇ ਸਰਗਰਮ ਪੁਰਾਣੇ ਮੈਂਬਰਾਂ ਨੇ ਸ਼ਿਰਕਤ ਕੀਤੀ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸੂਬਾ ਕਮੇਟੀ ਦੀ ਚੋਣ ਸਮੂਹ ਸਾਥੀਆਂ ਵੱਲੋਂ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿਚ ਸੂਬਾ ਪ੍ਰਧਾਨ ਗੁਰਿੰਦਰ ਸਹੋਤਾ ਬਣੇ। ਉਨ੍ਹਾਂ ਦੱਸਿਆ ਕਿ ਸੂਬਾ ਪ੍ਰਧਾਨ ਗੁਰਿੰਦਰ ਸਹੋਤਾ ਦੇ ਨਾਮ ਦੀ ਸਹਿਮਤੀ ਸਮੂਹ ਸਾਥੀਆਂ ਵੱਲੋਂ ਏਕੇ ਵਿਚ ਸਮਰਥਨ ਦਿੰਦਿਆਂ ਦਿੱਤੀ, ਜਦੋਂ ਕਿ ਸੀਨੀਅਰ ਮੀਤ ਪ੍ਰਧਾਨ ਗੁਰਮੋਹਨ ਸਿੰਘ, ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਪਨੇਸਰ, ਮੀਤ ਪ੍ਰਧਾਨ ਕੁਲਵਿੰਦਰ ਸਿੰਘ ਰੰਧਾਵਾ, ਮੀਤ ਪ੍ਰਧਾਨ ਅਮਨ ਬੱਬੇਹਾਲੀ, ਸੂਬਾ ਸਹਾਇਕ ਸਕੱਤਰ, ਜਗਦੀਪ ਸਿੰਘ ਫੌਜੀ, ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਮਲੋਟ, ਸੂਬਾ ਵਿੱਤ ਸਕੱਤਰ ਭੁਪਿੰਦਰ ਸਿੰਘ ਮੋਹਾਲੀ, ਜਥੇਬੰਦਕ ਸਕੱਤਰ ਧੀਰਜ ਕੁਮਾਰ, ਪ੍ਰਚਾਰ ਸਕੱਤਰ ਕੁਲਦੀਪ ਸਿੰਘ ਸੰਧੂ ਜਲੰਧਰ ਮੰਡਲ, ਆਡੀਟਰ ਪ੍ਰਦੀਪ ਸਿੰਘ, ਸਪੈਸ਼ਲ ਮੈਂਬਰਾਂ ਵਿੱਚ ਪਲਵਿੰਦਰ ਕੌਰ, ਲਖਵਿੰਦਰ ਕੌਰ, ਮਲਕੀਤ ਸਿੰਘ, ਪਰਗਟ ਸਿੰਘ, ਮਨਿੰਦਰਪਾਲ ਮਿੰਦੀ, ਵਿਕਰਮਜੀਤ ਸਿੰਘ, ਦਿਨੇਸ਼, ਮਨਵੀਰ ਸਿੰਘ, ਗੁਰਬਖ਼ਸ਼ ਸੂਬਾ, ਕੁਲਦੀਪ ਸਿੰਘ ਸਿਆਨ, ਰੀਟਾ ਚੌਹਾਨ, ਕਰਮਜੀਤ ਕੌਰ, ਚਾਂਦਨੀ, ਲਵਦੀਪ ਕੌਰ, ਇੰਦਰਜੀਤ ਸਿੰਘ ਤੇ ਕੁਲਵਿੰਦਰ ਸਿੰਘ ਦੀ ਚੋਣ ਹੋਈ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਦਫ਼ਤਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਜਗਦੀਪ ਸਿੰਘ ਕੁੰਬੜਾ, ਅਮਰਿੰਦਰ ਸਿੰਘ ਨਾਭਾ, ਭੂਸ਼ਨ ਗਰਗ, ਨਰਿੰਦਰਪ੍ਰੀਤ ਕਟੋਚ, ਤਰਲੋਚਨ ਸਿੰਘ, ਬੰਟੀ ਸਿੰਘ, ਤੇਜਵੰਤ ਸਿੰਘ, ਗੁਰਪ੍ਰੀਤ ਕੌਰ ਸ੍ਰੀ ਮੁਕਤਸਰ ਸਾਹਿਬ ਸਾਥੀ ਚੁਣੇ ਗਏ। ਇਸ ਮੌਕੇ ਨਵੀਂ ਚੁਣੀ ਗਈ ਸੂਬਾ ਕਮੇਟੀ ਨੇ ਆਪਣੇ ਸਾਥੀਆਂ ਅਤੇ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਸਾਥੀਆਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨ ਦਾ ਵਿਸ਼ਵਾਸ਼ ਦਵਾਇਆ।

# ਬੁੱਢੇ ਦਰਿਆ ਅਤੇ ਨੀਲੋਂ ਨਹਿਰ ਵਿਚਾਲੇ ਲੱਗਣ ਵਾਲੀ ਕਾਗਜ ਫੈਕਟਰੀ ਦਾ ਸਖਤ ਵਿਰੋਧ—ਵਾਰਿਸ ਪੰਜਾਬ

**ਫ਼ਿਰੋਜ਼ਪੁਰ, 19 ਮਈ (ਮਨੋਹਰ ਲਾਲ) :—** ਸ੍ਰੀ ਚਮਕੌਰ ਸਾਹਿਬ ਇਲਾਕੇ ਵਿਚ ਇਤਿਹਾਸਕ ਗੁਰਦਵਾਰਾ ਜੰਡ ਸਾਹਿਬ ਦੇ ਲਾਗੇ ਬੁੱਢੇ ਦਰਿਆ ਅਤੇ ਨੀਲੋਂ ਨਹਿਰ ਵਿਚਾਲੇ ਦੀ 400 ਮੀਟਰ ਦੀ ਪੱਟੀ ਵਿਚ ਕਾਗਜ ਫੈਕਟਰੀ ਦਾ ਲੱਗਣਾ ਜਿੱਥੇ ਇਤਿਹਾਸਕ ਗੁਰਦਵਾਰਾ ਸਾਹਿਬ ਦੀ ਆਬੋ ਹਵਾ ਨੂੰ ਖ਼ਰਾਬ ਕਰ ਸਕਦੀ ਹੈ ਉਥੇ ਇਹ ਨੀਲੋਂ ਨਹਿਰ ਦੇ ਪਾਣੀ ਦੀ ਗੁਣਵੱਤਾਂ ਤੇ ਵੀ ਮਾਰੂ ਅਸਰ ਪਾਵੇਗੀ ਜਿਸ ਨਾਲ ਤਕਰੀਬਨ ਮਾਲਵੇ ਦੇ ਸਾਰੇ ਇਲਾਕੇ ਵਿਚ ਸਾਫ ਪਾਣੀ ਦੀ ਸਪਲਾਈ ਉੱਤੇ ਮਾੜਾ ਅਸਰ ਪਵੇਗਾ। ਇਹ ਵਿਚਾਰ ਸਾਂਝੇ ਕਰਦਿਆਂ ਵਾਰਿਸ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਜਿੱਥੇ ਇਹ ਫੈਕਟਰੀ ਹਰ ਰੋਜ 1.5 ਕਰੋੜ ਲੀਟਰ ਪਾਣੀ ਨੀਲੋਂ ਨਹਿਰ ਤੋਂ ਲਵੇਗੀ ਅਤੇ 1 ਕਰੋੜ ਲੀਟਰ ਗੰਦਾ ਪਾਣੀ ਮੁੜ ਡਿਸਚਾਰਜ ਕਰੇਗੀ, ਇਸ ਜਮੀਨੀ ਪੱਟੀ ਉਤੇ ਪਾਣੀ ਸਿਰਫ 10 ਫੁੱਟ ਤੇ ਮੌਜੂਦ ਹਨ ਅਤੇ ਇਹ ਸਾਰਾ ਪਾਣੀ ਕਿਸੇ ਵੀ ਤਰ੍ਹਾਂ ਮੁੜ ਵਰਤੋਂ ਵਿਚ ਆਉਣ ਦੀ ਥਾਂ ਨੀਲੋਂ ਨਹਿਰ ਅਤੇ ਬੁੱਢੇ ਨਾਲੇ ਵਿਚ ਸਿਮ ਕੇ ਜਾਵੇਗਾ। ਉਨ੍ਹਾਂ ਕਿਹਾ ਕਿ ਅਸੀਂ ਇਸ ਜਮੀਨ ਉਤੇ ਸਨਅਤ ਲਗਾਉਣ ਦਾ ਵਿਰੋਧ ਕਰਦੇ ਹਾਂ ਅਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਮੱਤੇਵਾੜਾ ਪ੍ਰੋਜੈਕਟ ਰੱਦ ਕਰਨ ਵੇਲੇ ਦਰਿਆਵਾਂ ਦੇ ਕੰਢੇ ਤੇ ਅਜਿਹੀ ਕੋਈ ਸਨਯਤ ਨਾ ਲਾਉਣ ਦੀ ਗੱਲ ਕਹੀ ਸੀ ਪਰ ਹੁਣ ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਦੇ ਪੀਣ ਦੇ ਸਾਫ ਪਾਣੀ ਦੇ ਹੱਕ ਤੇ ਵੀ ਡਾਕਾ ਮਾਰ ਰਹੀ ਹੈ, ਦੂਸਰੇ ਪਾਸੇ ਇਹ ਪ੍ਰੋਜੈਕਟ ਬੁੱਢੇ ਦਰਿਆ ਉਤੇ ਮਾਰੂ ਅਸਰ ਪਾਵੇਗਾ। ਉਨ੍ਹਾਂ ਕਿਹਾ ਕਿ 30 ਅਪ੍ਰੈਲ ਨੂੰ ਜਨਤਕ ਸੁਣਵਾਈ ਵਿਚ ਪੂਰੇ ਇਲਾਕੇ ਨੇ ਇਸ ਪ੍ਰੋਜੈਕਟ ਦਾ ਵਿਰੋਧ ਕੀਤਾ ਹੈ ਅਸੀਂ ਇਲਾਕੇ ਦੇ ਲੋਕਾਂ ਦੇ ਨਾਲ ਹਾਂ ਅਤੇ ਇਸ ਬਾਰੇ ਮੰਗ ਕਰਦੇ ਹਾਂ ਕੇ ਪੰਜਾਬ ਦੇ ਪਾਣੀ ਦੀਆਂ ਸੋਮਿਆ ਉਤੇ ਅਜਿਹੀ ਮਾਰੂ ਸਨਯਤ ਲਗਾਉਣ ਤੋਂ ਰੋਕਣ ਲਈ ਪੰਜਾਬ ਵਿਧਾਨ ਸਭਾ ਕੋਈ ਸਾਫ ਨੀਤੀ ਅਤੇ ਕਾਨੂੰਨ ਲੈ ਕੇ ਆਵੇ ਜਿਹੜਾ ਅਜਿਹੇ ਵਰਤਾਰੇ ਨੂੰ ਠੱਲ੍ਹ ਪਾ ਸਕੇ। ਉਨ੍ਹਾਂ ਕਿਹਾ ਕਿ ਦੂਸਰੇ ਪਾਸੇ ਅਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਨੂੰ ਵੀ ਇਹ ਬੇਨਤੀ ਕਰਦੇ ਹਾਂ ਕੇ ਇਤਿਹਾਸਕ ਗੁਰਦਵਾਰਾ ਹੋਣ ਕਰਕੇ ਇਸ ਗੁਰੂ ਘਰ ਦੇ ਆਸੇ—ਪਾਸੇ ਦੀ ਆਬੋ ਹਵਾ ਨੂੰ ਬਚਾ ਕੇ ਰੱਖਣ ਲਈ ਗੁਰਦਵਾਰਾ ਸਾਹਿਬ ਦੇ ਨੇੜੇ ਅਜਿਹੀਆਂ ਮਾਰੂ ਸਨਯਤੀ ਕਾਰਵਾਈਆਂ ਉਤੇ ਰੋਕ ਲਗਵਾਉਣ ਲਈ ਲੋਕਾਂ ਦੀ ਲੜ੍ਹਾਈ ਨੂੰ ਹਮਾਇਤ ਦਿੰਦੇ ਹੋਏ ਇਸ ਸੰਘਰਸ਼ ਵਿਚ ਲੋਕਾਂ ਦੀ ਆਵਾਜ਼ ਬਣਨ। ਅਕਾਲੀ ਦੱਲ (ਵਾਰਿਸ ਪੰਜਾਬ ਦੇ ) ਇਸ ਮਸਲੇ ਉਤੇ ਲੋਕ ਦੇ ਸੰਘਰਸ਼ ਵਿਚ ਪੂਰੀ ਤਰ੍ਹਾਂ ਭਾਈਵਾਲ ਹੈ ਅਤੇ ਸਾਡੇ ਸੰਸਦ ਮੈਂਬਰ ਇਸ ਮੌਕੇ ਉਤੇ ਸੰਸਦ ਦੇ ਅੰਦਰ ਅਤੇ ਬਾਹਰ ਹਰੇਕ ਥਾਂ ਇਸ ਲੜ੍ਹਾਈ ਨੂੰ ਲੜ੍ਹਣ ਲਈ ਲੋਕਾਂ ਨਾਲ ਪੂਰੀ ਤਰ੍ਹਾਂ ਮੋਢੇ ਨਾਲ ਮੋਢਾ ਜੌੜ ਕੇ ਖੜ੍ਹਾ ਹੈ।

# ਸ੍ਰੀ ਦਰਬਾਰ ਸਾਹਿਬ 'ਤੇ ਸੰਨ 1955, 1984, 1986 ਤੇ 1988 'ਚ ਚਾਰ ਵਾਰ ਹਮਲੇ ਕਰ ਚੁੱਕੀ ਹੈ ਭਾਰਤ ਸਰਕਾਰ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

**ਅੰਮ੍ਰਿਤਸਰ, 19 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਫ਼ੌਜ ਨੇ ਦਾਅਵਾ ਕੀਤਾ ਹੈ ਕਿ ਭਾਰਤ-ਪਾਕਿਸਤਾਨ 'ਚ ਬਣੇ ਜੰਗ ਦੇ ਮਾਹੌਲ 'ਚ ਪਾਕਿਸਤਾਨ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰਨਾ ਚਾਹਿਆ ਤੇ ਭਾਰਤੀ ਫ਼ੌਜ ਨੇ ਦਰਬਾਰ ਸਾਹਿਬ ਦੀ ਰਾਖੀ ਕੀਤੀ। ਇਸ ਸੰਬੰਧੀ ਮੀਡੀਆ ਨੂੰ ਬਿਆਨ ਜਾਰੀ ਕਰਦਿਆਂ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖ ਕੌਮ ਵਿੱਚ ਮੁਸਲਮਾਨਾਂ ਅਤੇ ਪਾਕਿਸਤਾਨ ਪ੍ਰਤੀ ਭੜਕਾਹਟ ਅਤੇ ਨਫ਼ਰਤ ਪੈਦਾ ਕਰਨ ਲਈ ਭਾਰਤੀ ਹਕੂਮਤ ਅਤੇ ਮੋਦੀ ਸਰਕਾਰ ਵੱਲੋਂ ਅਜਿਹੇ ਬੇਬੁਨਿਆਦ ਬਿਆਨ ਦਿੱਤੇ ਜਾ ਰਹੇ ਹਨ ਜਿਸ ਨੂੰ ਹਿੰਦੂ ਮੀਡੀਆ ਵੱਡੇ ਪੱਧਰ ਉੱਤੇ ਪ੍ਰਚਾਰ ਰਿਹਾ ਹੈ ਪਰ ਸਿੱਖ ਪੂਰੀ ਤਰ੍ਹਾਂ ਸੁਚੇਤ ਹਨ। ਉਹਨਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਉੱਤੇ ਜਦੋਂ-ਜਦੋਂ ਵੀ ਹਮਲਾ ਹੋਇਆ ਤਾਂ ਇਸ ਮੁਕੱਦਸ ਸਥਾਨ ਦੀ ਪਵਿੱਤਰਤਾ ਦੀ ਰਾਖੀ ਕਰਦਿਆਂ ਸਿੱਖਾਂ ਨੇ ਹੀ ਸਿਰ ਵਾਰੇ ਹਨ ਤੇ ਸਿੱਖਾਂ ਨੇ ਹਮਲਾ ਕਰਨ ਵਾਲਾ ਕੋਈ ਵੀ ਦੁਸ਼ਟ ਨਹੀਂ ਬਖਸ਼ਿਆ ਉਹ ਭਾਵੇਂ ਅਬਦਾਲੀ, ਮੱਸਾ ਰੰਘੜ, ਇੰਦਰਾ ਗਾਂਧੀ ਜਾਂ ਜਨਰਲ ਵੈਦਿਆ ਹੋਵੇ। ਉਹਨਾਂ ਕਿਹਾ ਕਿ 1947 ਤੋਂ ਬਾਅਦ ਭਾਰਤ ਸਰਕਾਰ ਸ੍ਰੀ ਦਰਬਾਰ ਸਾਹਿਬ ਉੱਤੇ ਚਾਰ ਵਾਰ ਹਮਲੇ ਕਰ ਚੁੱਕੀ ਹੈ। ਸੰਨ 1955 ਵਿੱਚ ਪਹਿਲਾ ਹਮਲਾ ਪੰਡਿਤ ਜਵਾਹਰ ਲਾਲ ਨਹਿਰੂ ਨੇ, 1984 ਵਿੱਚ ਦੂਜਾ ਹਮਲਾ ਕਾਂਗਰਸ ਅਤੇ ਭਾਜਪਾ ਨੇ, 1986 ਵਿੱਚ ਤੀਜਾ ਹਮਲਾ ਰਾਜੀਵ ਗਾਂਧੀ ਨੇ ਅਤੇ 1988 ਵਿੱਚ ਭਾਰਤ ਸਰਕਾਰ ਚੌਥਾ ਹਮਲਾ ਕਰਵਾ ਕੇ ਵੀ ਹਟੀ ਨਹੀਂ ਸਗੋਂ 18 ਦਸੰਬਰ 2021 ਵਿੱਚ ਡੀਪ ਸਟੇਟ ਨੇ ਦਰਬਾਰ ਸਾਹਿਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਵਾਉਣੀ ਚਾਹੀ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜੂਨ 1984 'ਚ ਕਹਿੰਦੀ ਰਹੀ ਕਿ ਦਰਬਾਰ ਸਾਹਿਬ ਉੱਤੇ ਹਮਲਾ ਛੇ ਮਹੀਨੇ ਪਹਿਲਾਂ ਹੋ ਜਾਣਾ ਚਾਹੀਦਾ ਸੀ। ਜਿਸ ਫ਼ਿਰਕੂ ਹਿੰਦੂਤਵੀਆਂ ਭਾਜਪਾਈਆਂ ਨੇ ਇੰਦਰਾ ਗਾਂਧੀ ਨੂੰ ਦੁਰਗਾ ਦੇਵੀ ਦਾ ਖ਼ਿਤਾਬ ਦਿੱਤਾ, ਦਰਬਾਰ ਸਾਹਿਬ 'ਤੇ ਹਮਲੇ ਦੀਆਂ ਖ਼ੁਸ਼ੀਆਂ ਮਨਾਈਆਂ ਉਸ ਭਾਜਪਾ ਸਰਕਾਰ ਅਤੇ ਭਾਰਤੀ ਫ਼ੌਜ ਦੇ ਦਾਅਵਿਆਂ ਉੱਤੇ ਯਕੀਨ ਨਹੀਂ ਕੀਤਾ ਜਾ ਸਕਦਾ। ਭਾਰਤੀ ਫ਼ੌਜ ਨੇ ਤਾਂ ਟੈਂਕਾਂ, ਤੋਪਾਂ, ਬੰਬਾਂ ਮਸ਼ੀਨਗੰਨਾਂ, ਹਵਾਈ ਜ਼ਹਾਜਾਂ ਅਤੇ ਜ਼ਿਹਰੀਲੀਆਂ ਗੈਸਾਂ ਨਾਲ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕੀਤਾ, ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ-ਢੇਰੀ ਕੀਤਾ, ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਲੁੱਟਿਆ, ਤੋਸ਼ਾਖਾਨਾ ਸਾੜਿਆ, ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਉਹਨਾਂ ਦੇ ਸਾਥੀਆਂ ਤੇ ਹਜ਼ਾਰਾਂ ਸੰਗਤਾਂ ਨੂੰ ਸ਼ਹੀਦ ਕੀਤਾ, ਦੁੱਧ ਪੀਂਦੇ ਬੱਚੇ ਵੀ ਨਾ ਬਖ਼ਸ਼ੇ, ਪਾਵਨ ਸਰੂਪਾਂ 'ਤੇ ਗੋਲ਼ੀਆਂ ਚਲਾਈਆਂ, ਅੰਮ੍ਰਿਤ ਸਰੋਵਰ ਨੂੰ ਖ਼ੂਨ ਨਾਲ ਲਾਲ ਕਰ ਦਿੱਤਾ, ਪ੍ਰਕਰਮਾ ਨੂੰ ਲਾਸ਼ਾਂ ਨਾਲ ਭਰ ਦਿੱਤਾ, ਦਰਬਾਰ ਸਾਹਿਬ ਨੂੰ ਹਜ਼ਾਰਾਂ ਗੋਲ਼ੀਆਂ ਨਾਲ ਵਿੰਨ੍ਹ ਦਿੱਤਾ, ਮਰਯਾਦਾ ਭੰਗ ਕਰ ਦਿੱਤੀ, ਰਾਗੀ-ਪਾਠੀ ਮਾਰ ਦਿੱਤੇ, ਭਾਰਤੀ ਫ਼ੌਜ ਨੇ ਸਿੱਖ ਬੀਬੀਆਂ ਦੀ ਪੱਤ ਰੋਲੀ, ਸ਼ਰਾਬਾਂ ਤੇ ਸਿਗਰਟਾਂ ਪੀਤੀਆਂ ਤੇ ਸਿੱਖ ਕੌਮ ਦਾ ਭਾਰੀ ਵਿਨਾਸ਼ ਕੀਤਾ ਅਤੇ ਕਈ ਮਹੀਨੇ ਦਰਬਾਰ ਸਾਹਿਬ ਨੂੰ ਘੇਰੀ ਰੱਖਿਆ। ਭਾਰਤੀ ਫ਼ੌਜ ਹੁਣ ਵੀ ਦਰਬਾਰ ਸਾਹਿਬ ਦੀ ਰੱਖਿਆ ਨਹੀਂ, ਬਲਕਿ ਹਮਲਾ ਜ਼ਰੂਰ ਕਰ-ਕਰਵਾ ਸਕਦੀ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਇਸ ਲੜਾਈ ਵਿੱਚੋਂ ਹਿੰਦੂ ਆਪ ਪਿੱਛੇ ਹਟਣਾ ਚਾਹੁੰਦੇ ਹਨ ਤੇ ਸਾਜਿਸ਼ ਤਹਿਤ ਸਿੱਖਾਂ ਤੇ ਮੁਸਲਮਾਨਾਂ ਨੂੰ ਲੜਾ ਕੇ ਮਰਵਾਉਣਾ ਚਾਹੁੰਦੇ ਹਨ ਜਿਵੇਂ 1947 ਵਿੱਚ ਦਸ ਲੱਖ ਪੰਜਾਬੀ ਮਰਵਾ ਦਿੱਤੇ ਸੀ। ਉਹਨਾਂ ਕਿਹਾ ਕਿ ਦਰਬਾਰ ਸਾਹਿਬ ਉੱਤੇ ਹਮਲਾ ਕਰਨ ਵਾਲਾ ਚਾਹੇ ਕੋਈ ਵੀ ਹੋਵੇ ਸਿੱਖ ਬਖਸ਼ਣਗੇ ਨਹੀਂ, ਦਰਬਾਰ ਸਾਹਿਬ ਸਿੱਖਾਂ ਦੀ ਜ਼ਿੰਦ-ਜਾਨ ਹੈ। ਜੇਕਰ ਪਾਕਿਸਤਾਨ ਨੇ ਭਾਰਤ ਨਾਲ ਵੈਰ ਕੱਢਣ ਲਈ ਹਮਲਾ ਕਰਨਾ ਹੁੰਦਾ ਤਾਂ ਉਹ ਕਿਸੇ ਮੰਦਰ ਜਾਂ ਪਾਰਲੀਮੈਂਟ ਨੂੰ ਤਾਂ ਚਾਹੇ ਨਿਸ਼ਾਨਾ ਬਣਾ ਸਕਦੇ ਸੀ ਪਰ ਦਰਬਾਰ ਸਾਹਿਬ ਬਾਰੇ ਸੋਚ ਵੀ ਨਹੀਂ ਸਕਦੇ ਕਿਉਂਕਿ ਉਹਨਾਂ ਦਾ ਸਿੱਖਾਂ ਨਾਲ ਕੋਈ ਵੈਰ ਨਹੀਂ ਤੇ ਜੇ ਉਹ ਅਜਿਹੀ ਹਰਕਤ ਕਰਨਗੇ ਤਾਂ ਮੁਸਲਿਮ ਕੌਮ ਵੀ ਉਹਨਾਂ ਦੇ ਖ਼ਿਲਾਫ਼ ਹੋ ਜਾਏਗੀ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਭਾਰਤ-ਪਾਕਿਸਤਾਨ ਜੰਗ ਦੌਰਾਨ ਸਿੱਖਾਂ ਨੂੰ ਇਹ ਦੋਵੇਂ ਦੇਸ਼ ਵਰਤਣਾ ਚਾਹੁੰਦੇ ਹਨ ਅਤੇ ਆਪੋ-ਆਪਣੇ ਹੱਕ ਵਿੱਚ ਭੁਗਤਾਉਣ ਦਾ ਯਤਨ ਕਰ ਰਹੇ ਹਨ ਪਰ ਸਿੱਖ ਇਸ ਜੰਗ ਦੇ ਖ਼ਿਲਾਫ਼ ਅਤੇ ਅਮਨ ਦੇ ਹਾਮੀ ਹਨ। ਪਾਕਿਸਤਾਨ ਸਿੱਖਾਂ ਨਾਲ ਨਹੀਂ ਲੜਨਾ ਚਾਹੁੰਦਾ ਤੇ ਭਾਰਤ ਸਿੱਖਾਂ ਦੇ ਬਗੈਰ ਨਹੀਂ ਲੜਨਾ ਚਾਹੁੰਦਾ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਅਸੀਂ ਭੁੱਲ ਨਹੀਂ ਸਕਦੇ ਕਿ ਮੁਗਲ ਹਕੂਮਤ ਵਾਂਗ ਹਿੰਦੂ ਹਕੂਮਤ ਨੇ ਵੀ ਦਰਬਾਰ ਸਾਹਿਬ ਅਤੇ ਸਿੱਖ ਕੌਮ ਉੱਤੇ ਹਮਲੇ ਕੀਤੇ ਹਨ ਤੇ ਭਾਰਤ ਵਿੱਚ ਹੁਣ ਵੀ ਗੁਰਦੁਆਰੇ ਢਾਹੇ ਜਾ ਰਹੇ ਨੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਹੋ ਰਹੀਆਂ ਨੇ, ਬੰਦੀ ਸਿੱਖਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ ਤੇ ਹਰ ਰੋਜ਼ ਸਿੱਖਾਂ ਨੂੰ ਸੰਤਾਪ ਦਿੱਤਾ ਜਾ ਰਿਹਾ ਹੈ। ਸਿੱਖਾਂ ਨੂੰ ਪ੍ਰਭੂਸੱਤਾ ਸੰਪੰਨ ਆਜ਼ਾਦ ਸਿੱਖ ਰਾਜ ਖ਼ਾਲਿਸਤਾਨ ਦੀ ਸਿਰਜਣਾ ਦੀ ਲੋੜ ਹੈ।



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੇਂਦਰ ਦੀ ਕਿਸਾਨ ਜਥੇਬੰਦੀਆਂ ਨਾਲ

# ਵਿਸ਼ੇਸ਼ ਮੀਟਿੰਗ ਵਿਚ ਸ਼ਾਮਿਲ ਹੋਇਆ ਇੰਟਰਨੈਸ਼ਨਲ ਪੰਥਕ ਦਲ ਦਾ ਕਿਸਾਨ ਵਿੰਗ









**ਨਵੀਂ ਦਿੱਲੀ, 19 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਵੱਲੋਂ ਪਾਕਿਸਤਾਨ ਨਾਲ ਸਿੰਧੂ ਜਲ ਸਮਝੌਤਾ ਰੱਦ ਕੀਤੇ ਜਾਣ ਤੋਂ ਬਾਅਦ ਸੋਮਵਾਰ ਨੂੰ ਭਾਰਤ ਸਰਕਾਰ ਵੱਲੋਂ ਭਾਰਤ ਦੀਆਂ ਪ੍ਰਮੁੱਖ ਕਿਸਾਨ ਜਥੇਬੰਦੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਹ ਮੀਟਿੰਗ ਕੇਂਦਰੀ ਖੇਤੀ ਮੰਤਰੀ ਸ਼ਿਵ ਰਾਜ ਸਿੰਘ ਚੌਹਾਨ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿਚ ਇੰਟਰਨੈਸ਼ਨਲ ਪੰਥਕ ਦਲ ਦੇ ਕਿਸਾਨ ਵਿੰਗ ਨੂੰ ਵੀ ਆਪਣੇ ਵਿਚਾਰ ਪੇਸ਼ ਕਰਨ ਲਈ ਸੱਦਿਆ ਗਿਆ। ਇਸ ਮੀਟਿੰਗ ਵਿਚ ਸ. ਕਿਰਪਾ ਸਿੰਘ ਨੱਥੂਵਾਲਾ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਕਿਸਾਨ ਵਿੰਗ, ਸ. ਗੋਮਾ ਸਿੰਘ ਅਤੇ ਸ. ਗੁਰਨਾਮ ਸਿੰਘ ਮੁਹਾਲਮ ਸ਼ਾਮਿਲ ਹੋਏ। ਮੀਟਿੰਗ 'ਚ ਆਪਣੇ ਵਿਚਾਰ ਪੇਸ਼ ਕਰਦੇ ਹੋਏ ਸ. ਕਿਰਪਾ ਸਿੰਘ ਨੱਥੂਵਾਲਾ ਨੇ ਕਿਹਾ ਕਿ ਪਾਕਿਸਤਾਨ ਨਾਲ ਰੱਦ ਹੋਏ ਸਿੰਧੂ ਜਲ ਸਮਝੌਤੇ ਤਹਿਤ ਜਿਹੜਾ ਪਾਣੀ ਭਾਰਤ ਕੋਲ ਹੈ ਉਸ ਵਿਚੋਂ ਪੰਜਾਬ ਨੂੰ ਵੱਧ ਤੋਂ ਵੱਧ ਪਾਣੀ ਮੁਹੱਈਆ ਕਰਵਾਇਆ ਜਾਵੇ ਕਿਉਂਕਿ ਪੰਜਾਬ 'ਚ ਪਾਣੀ ਦਾ ਪੱਧਰ ਪਹਿਲਾਂ ਹੀ ਗੰਭੀਰ ਹੱਦ ਤੱਕ ਹੇਠ ਡਿੱਗ ਚੁੱਕਾ ਹੈ ਅਤੇ ਪੰਜਾਬ ਦੀ ਖੇਤੀ ਉੱਪਰ ਸੰਕਟ ਦੇ ਬੱਦਲ ਛਾਏ ਹੋਏ ਹਨ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਭਾਰਤ ਸਰਕਾਰ ਸਾਡੇ ਇਸ ਸੁਝਾਅ ਉੱਪਰ ਜ਼ਰੂਰ ਵਿਚਾਰ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

**ਭਾਈ ਕਿਰਪਾ ਸਿੰਘ ਨੱਥੂਵਾਲ ਪੰਜਾਬ ਪ੍ਰਧਾਨ ਨੇ ਮੰਗਿਆ ਪੰਜਾਬ ਲਈ ਸਿੰਧੂ ਦਾ ਜਲ**

### ਰਾਜਪੁਰਾ ਨੂੰ ਸੁੰਦਰ ਅਤੇ ਵਿਕਸਿਤ ਬਣਾਉਣ ਲਈ

# ਹਰ ਸੰਭਵ ਯਤਨ ਕੀਤੇ ਜਾਣਗੇ: ਵਿਧਾਇਕਾ ਨੀਨਾ ਮਿੱਤਲ



**ਰਾਜਪੁਰਾ, 19 ਮਈ (ਆਵਾਜ਼ਿ ਕੌਮ ਬਿਊਰੋ)**-ਰਾਜਪੁਰਾ ਹਲਕੇ ਦੀਆਂ ਵਧ ਰਹੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਏ ਐਮ ਐਲ ਏ ਰਾਜਪੁਰਾ ਮੈਡਮ ਨੀਨਾ ਮਿੱਤਲ ਨੇ ਕਰੀਬ 65 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕ ਟਾਇਲਾਂ ਨਾਲ ਬਣਨ ਵਾਲੀਆਂ ਨਵੀਆਂ ਸੜਕਾਂ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਨਾਲ ਕਾਰਜ ਸਾਧਕ ਅਫਸਰ ਅਵਤਾਰ ਚੰਦ,ਐਸ ਡੀ ਓ ਵਿਕਟਰ ਸੰਧੂ,ਜੀਈ ਗਗਨਪ੍ਰੀਤ ਸਿੰਘ ਸਮੇਤ ਸਬੰਧਤ ਅਧਿਕਾਰੀ ਮੌਜੂਦ ਸਨ। ਇਸ ਸੜਕ ਸਿੰਧੀ ਪਲਾਜ਼ਾ ਚੋਕ ਤੋਂ ਪਟਿਆਲਾ ਰੋਡ ਤੱਕ ਅਤੇ ਐਨ ਟੀ ਸੀ ਸਕੂਲ -1 ਤੋਂ ਭੋਗਲਾ ਰੋਡ ਤੱਕ ਇੰਟਰਲਾਕ ਟਾਇਲਾਂ ਨਾਲ ਨਵੀਂ ਬਣੇਗੀ।ਇਹ ਨਵੇਂ ਵਿਕਾਸ ਕਾਰਜ ਸਿਰਫ ਇਲਾਕੇ ਦੇ ਨਿਗਰਾਨੀ ਢਾਂਚੇ ਨੂੰ ਹੀ ਨਹੀਂ ਸੰਵਾਰ ਰਹੇ, ਸਗੋਂ ਲੋਕਾਂ ਦੇ ਜੀਵਨ ਵਿੱਚ ਵੀ ਵੱਡਾ ਬਦਲਾਅ ਲੈ ਕੇ ਆ ਰਹੇ ਹਨ।ਇਸ ਮੌਕੇ ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਕਿਹਾ ਕਿ ਹਲਕਾ ਰਾਜਪੁਰਾ ਦੇ ਲੋਕਾਂ ਨੂੰ ਸਮੇ ਸਿਰ ਸਹੂਲਤਾਂ ਪਹੁੰਚਾਉਣਾ ਮੇਰਾ ਮੁੱਢਲਾ ਫਰਜ਼ ਹੈ। ਇਨ੍ਹਾਂ ਇੰਟਰਲਾਕ ਟਾਇਲਾਂ ਵਾਲੀਆਂ ਸੜਕਾਂ ਨਾਲ ਨਾ ਸਿਰਫ ਆਵਾਜਾਈ ਸੁਚੱਜੀ ਹੋਏਗੀ, ਬਲਕਿ ਇਲਾਕੇ ਦੀ ਖੂਬਸੂਰਤੀ ਵੀ ਵਾਧਾ ਹੋਵੇਗਾ।ਉਨ੍ਹਾਂ ਅੱਗੇ ਕਿਹਾ ਕਿ ਹਲਕੇ ਦੀ ਹਰ ਸੜਕ ਤੇ ਹਰ ਗਲੀ ਨੂੰ ਪੱਕਾ ਕੀਤਾ ਜਾਵੇਗਾ, ਤਾਂ ਜੋ ਕਿਸੇ ਵੀ ਨਾਗਰਿਕ ਨੂੰ ਆਵਾਜਾਈ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਵਲੋਂ ਇਹ ਵੀ ਦਾਅਵਾ ਕੀਤਾ ਗਿਆ ਕਿ ਰਾਜਪੁਰਾ ਨੂੰ ਸੁੰਦਰ ਅਤੇ ਵਿਕਸਿਤ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਕਿਹਾ ਕਿ ਹਲਕਾ ਰਾਜਪੁਰਾ ਵਿੱਚ ਨਵੀਆਂ ਸੜਕਾਂ ਇਲਾਕੇ ਦੇ ਵਿਕਾਸ ਦੀ ਨਵੀਂ ਪਹਿਚਾਣ ਬਣ ਰਹੀਆਂ ਹਨ। ਲੋਕਾਂ ਨੇ ਵੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਮੈਡਮ ਨੀਨਾ ਮਿੱਤਲ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਖਸਤਾਹਾਲ ਸੜਕਾਂ ਕਰਕੇ ਰੋਜ਼ਾਨਾ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਇਨ੍ਹਾਂ ਇੰਟਰਲਾਕ ਟਾਇਲਾਂ ਵਾਲੀਆਂ ਸੜਕਾਂ ਨਾਲ ਰਾਹਤ ਮਿਲੀ ਹੈ। ਇਸ ਮੌਕੇ ਵਿਭਾਗ ਦੇ ਸਬੰਧਿਤ ਅਧਿਕਾਰੀ ਮੌਜੂਦ ਸਨ।ਇਸ ਮੌਕੇ ਰੀਤੇਸ ਬਾਂਸਲ ਐਮ ਐਲ ਏ ਕੋਆਰਡੀਨੇਟਰ, ਸਚਿਨ ਮਿੱਤਲ, ਸੁਮਿਤ ਬਖਸੀ, ਰਮੇਸ਼ ਪਾਹੁੰਜਾ ਪ੍ਰਧਾਨ ਵਪਾਰ ਮੰਡਲ ਰਾਜਪੁਰਾ ,ਸੁਧੀਰ ਕੁਮਾਰ, ਸੰਗਤ ਸਿੰਘ, ਹਰੀਸ਼ ਪਾਹੁੰਜਾ, ਅਸ਼ਵਨੀ ਕਵਾਤਰਾ, ਮਨੋਜ ਕੁਮਾਰ, ਪ੍ਰਦੀਪ ਸਿੰਬਲ, ਨਰਿੰਦਰ, ਮਹੇਸ਼ ਸ਼ਰਮਾ, ਰਾਜ ਕੁਮਾਰ, ਟਿੰਕੂ ਨਾਸਰਾ, ਡਾਕਟਰ ਰਮੇਸ਼ ਉਤਰੇਜਾ, ਹਨੀ ਕੁਮਾਰ, ਨਵਜੋਤ ਕੌਰ, ਦੀਪਕ ਕੁਮਾਰ, ਲਲਿਤ ਕੁਮਾਰ ,ਸੁਧੀਰ ਕਾਲੜਾ, ਅਨੁਪਮ, ਨਿਤਿਨ ਪਹੁੰਜਾ, ਰਤਨੇਸ ਜਿੰਦਲ, ਕੋਸਲਰ ਸੁਖਚੈਨ ਸਿੰਘ ਸਰਵਾਰਾ ਸਮੇਤ ਸ਼ਹਿਰ ਦੇ ਹੋਰ ਵੀ ਪੰਤਵੰਤੇ ਸੱਜਣ ਮੌਜੂਦ ਸਨ।

**ਵਿਧਾਇਕਾ ਨੀਨਾ ਮਿੱਤਲ ਨੇ ਨਵੀਂ ਇੰਟਰਲਾਕ ਟਾਇਲਾਂ ਵਾਲੀਆਂ ਸੜਕਾਂ ਦਾ ਕੀਤਾ ਉਦਘਾਟਨ**

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਪੱਸ਼ਟੀਕਰਨ ਦੇਵੇ, ਉਸਨੇ ਗੁਰਿੰਦਰ ਸਿੰਘ ਬਾਵਾ ਨੂੰ ਸਿੱਖ ਮੈਡੀਕਲ ਸੰਸਥਾਵਾ ਦਾ ਚਾਰਜ ਕਿਉ ਦਿੱਤਾ ?



**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸ ਕਰਨੈਲ ਸਿੰਘ ਪੀਰਮੁਹੰਮਦ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਐਡਵੋਕੇਟ ਪਰਮਿੰਦਰ ਸਿੰਘ ਢੀਗਰਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਵਾਲ ਕੀਤਾ ਹੈ ਕਿ ਉਸ ਨੇ ਬਿਜ਼ਨੈੱਸਮੈਨ ਗੁਰਿੰਦਰ ਸਿੰਘ ਬਾਵਾ ਚੇਅਰਮੈਨ, ਗੁਰੂ ਨਾਨਕ ਖਾਲਸਾ ਕਾਲਜ, ਮੁੰਬਈ ਨੂੰ ਸ੍ਰੀ ਗੁਰੂ ਰਾਮਦਾਸ ਜੀ ਚੈਰੀਟੇਬਲ ਹਸਪਤਾਲ ਟਰੱਸਟ ਦੇ ਟਰੱਸਟੀ ਵਜੋਂ ਵਾਧੂ ਚਾਰਜ ਕਿਉ ਸੌਂਪਿਆ ਗਿਆ ਹੈ। ਉਪਰੋਕਤ ਨੇਤਾਵਾ ਨੇ ਕਿਹਾ ਹੈ ਉਹਨਾਂ ਨੂੰ ਬੇਹੱਦ ਭਰੋਸੇਯੋਗ ਸੂਤਰਾ ਰਾਹੀ ਪਤਾ ਲੱਗਿਆ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਸ ਅਧੀਨ ਸ੍ਰੀ ਅੰਮ੍ਰਿਤਸਰ ਜਿਸ ਅਧੀਨ ਹੇਠ ਲਿਖੀਆਂ ਸੰਸਥਾਵਾਂ ਮਨੁੱਖਤਾ ਲਈ ਚੱਲ ਰਹੀਆਂ ਹਨ :-

1. ਸ੍ਰੀ ਗੁਰੂ ਰਾਮ ਦਾਸ ਜੀ ਸਿਹਤ ਵਿਗਿਆਨ ਯੂਨੀਵਰਸਿਟੀ, ਵੱਲਾ, ਸ੍ਰੀ ਅੰਮ੍ਰਿਤਸਰ।
2. ਸ੍ਰੀ ਗੁਰੂ ਰਾਮ ਦਾਸ ਜੀ ਮੈਡੀਕਲ ਕਾਲਜ, ਵੱਲਾ ਸ੍ਰੀ ਅੰਮ੍ਰਿਤਸਰ। (150 ਸੀਟਾਂ)।
3. ਸ੍ਰੀ ਗੁਰੂ ਰਾਮ ਦਾਸ ਜੀ ਚੈਰੀਟੇਬਲ ਹਸਪਤਾਲ, ਵਾਲਾ, ਸ੍ਰੀ ਅੰਮ੍ਰਿਤਸਰ। (750 ਬਿਸਤਰੇ)
4. ਸ੍ਰੀ ਗੁਰੂ ਰਾਮ ਦਾਸ ਜੀ ਡੈਂਟਲ ਕਾਲਜ, ਜੀ ਟੀ ਰੋਡ, ਸ੍ਰੀ ਅੰਮ੍ਰਿਤਸਰ।
5. ਸ੍ਰੀ ਗੁਰੂ ਰਾਮ ਦਾਸ ਜੀ ਨਰਸਿੰਗ ਕਾਲਜ ।
6. ਸ੍ਰੀ ਗੁਰੂ ਰਾਮਦਾਸ ਜੀ ਚੈਰੀਟੇਬਲ ਹਸਪਤਾਲ, ਸਰਕੂਲਰ ਰੋਡ, ਸ੍ਰੀ ਅੰਮ੍ਰਿਤਸਰ।(200 ਬਿਸਤਰਿਆਂ ਵਾਲਾ)
7. ਸ੍ਰੀ ਗੁਰੂ ਰਾਮਦਾਸ ਜੀ ਰੋਟਰੀ ਕੈਂਸਰ ਹਸਪਤਾਲ, ਸ੍ਰੀ ਅੰਮ੍ਰਿਤਸਰ।

(100 ਬਿਸਤਰਿਆਂ ਵਾਲਾ) ਇਹਨਾਂ ਸਾਰੇ ਅਦਾਰਿਆ ਦਾ ਪ੍ਰਬੰਧ ਗੁਰਿੰਦਰ ਸਿੰਘ ਬਾਵਾ ਨੂੰ ਦੇ ਦਿੱਤਾ ਗਿਆ ਹੈ । ਬਾਵਾ ਬਾਰੇ ਗੱਲ ਕਰਦਿਆ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਅਤੇ ਐਡਵੋਕੇਟ ਪਰਮਿੰਦਰ ਸਿੰਘ ਢੀਗਰਾਂ ਨੇ ਕਿਹਾ ਕਿ ਇਹ ਸਖਸ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਫਾਇਨਾਂਸਰ ਹੈ ਤੇ ਸਿੱਖ ਕੌਮ ਨਾਲ ਸਬੰਧਿਤ ਵੱਡੇ ਵੱਡੇ ਮਸਲਿਆ ਵਿੱਚ ਪੈਸੇ ਦਾ ਪ੍ਰਭਾਵ ਵਰਤਕੇ ਸਿੰਘ ਸਾਹਿਬਾਨ ਵੱਲੋ ਕੀਤੇ ਫੈਸਲਿਆ ਤੱਕ ਨੂੰ ਪ੍ਰਭਾਵਿਤ ਕਰਦਾ ਆਇਆ ਹੈ । ਇਸ ਨੇ ਫਿਲਮ ਐਕਟਰ ਅਮਿਤਾਭ ਬੱਚਨ ਦੇ ਨਵੰਬਰ 1984 ਨਸਲਕੁਸ਼ੀ ਵਿੱਚ ਨਿਭਾਏ ਰੋਲ ਖਿਲਾਫ ਸ੍ਰੀ ਅਕਾਲ ਤਖਤ ਸਾਹਿਬ ਪਾਸ ਭੇਜੀ ਸਿਕਾਇਤ ਦਾ ਅਮਿਤਾਭ ਬੱਚਨ ਤਰਫੋ ਉਸ ਵੇਲੇ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਪਾਸ ਪਹੁੰਚ ਕੇ ਸਪੱਸ਼ਟੀਕਰਨ ਦੇਕੇ ਠੰਡੇ ਬਸਤੇ ਵਿੱਚ ਪਾ ਦਿੱਤੀ ਸੀ । ਸ੍ਰ ਕਰਨੈਲ ਸਿੰਘ ਪੀਰਮੁਹੰਮਦ ਅਤੇ ਐਡਵੋਕੇਟ ਪਰਮਿੰਦਰ ਸਿੰਘ ਢੀਗਰਾ ਨੇ ਕਿਹਾ ਕਿ ਕੀ ਪੰਜਾਬ ਅੰਦਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਕੋਈ ਲਾਇਕ ਮੈਂਬਰ ਜਾ ਅਧਿਕਾਰੀ ਨਹੀ ਜਾ ਖੁਦ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਖੁਦ ਉਕਤ ਮੈਡੀਕਲ ਅਦਾਰਿਆ ਦਾ ਪ੍ਰਬੰਧ ਕਿਉ ਨਹੀ ਦੇਖ ਸਕਦੇ ? ਫੈਡਰੇਸ਼ਨ ਨੇਤਾਵਾ ਨੇ ਕਿਹਾ ਕਿ ਗੁਰਿੰਦਰ ਸਿੰਘ ਬਾਵਾ ਨੇ ਮੁੰਬਈ ਵਿਖੇ ਗੁਰੂ ਨਾਨਕ ਖਾਲਸਾ ਕਾਲਜ ਵਿੱਚ ਸਿੱਖੀ ਸਰੂਪ ਵਾਲੇ ਪ੍ਰੋਫੈਸਰ ਭਰਤੀ ਕਰਨ ਦੀ ਜਗਾ 90 / ਗੈਰ ਸਿੱਖ ਪ੍ਰੋਫੈਸਰ ਤੇ ਬਾਕੀ ਸਟਾਫ ਭਰਤੀ ਕਰ ਰੱਖਿਆ ਹੈ ਉਹਨਾਂ ਐਡਵੋਕੇਟ ਧਾਮੀ ਪਾਸੋ ਮੰਗ ਕੀਤੀ ਕਿ ਉਹ ਬਿਨਾ ਕਿਸੇ ਦੇਰੀ ਦੇ ਬਾਵਾ ਪਾਸੋ ਉਪਰੋਕਤ ਮੈਡੀਕਲ ਸੰਸਥਾਵਾ ਦਾ ਚਾਰਜ ਵਾਪਸ ਲੈ ਲੈਣ ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਹਾਈ ਸਕੂਲ ਰਾਜਪੁਰਾ ਟਾਊਨ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਰਾਜਪੁਰਾ, 19 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਰਚ 2025 ਵਿੱਚ ਕਰਵਾਈ ਗਈ ਮੈਟ੍ਰਿਕੁਲੇਸ਼ਨ ਪ੍ਰੀਖਿਆ ਵਿੱਚ ਸਰਕਾਰੀ ਹਾਈ ਸਕੂਲ ਰਾਜਪੁਰਾ ਟਾਊਨ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਆਪਣੀ ਜਮਾਤ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਸ਼ਾਨਦਾਰ ਨਤੀਜਿਆਂ ਦੇ ਮੌਕੇ 'ਤੇ ਸਕੂਲ ਦੀ ਹੈੱਡ ਮਿਸਟ੍ਰੈਸ ਸੁਧਾ ਕੁਮਾਰੀ ਵੱਲੋਂ ਦਸਵੀਂ ਜਮਾਤ ਦੇ ਸ਼ੈਕਸ਼ਨ ਏ, ਬੀ ਅਤੇ ਸੀ ਵਿੱਚ ਪਹਿਲਾ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਸਨਮਾਨ ਸਮਾਰੋਹ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਸਨਮਾਨ-ਚਿੰਨ੍ਹ ਅਤੇ ਸਟੇਸ਼ਨਰੀ ਗਿਫਟ ਵਜੋਂ ਭੇਂਟ ਕੀਤੇ ਗਏ। ਨਾਲ ਹੀ ਸਕੂਲ ਦੇ ਸਕਾਊਟ ਮਾਸਟਰ ਰਾਜਿੰਦਰ ਸਿੰਘ ਚਾਨੀ ਵੱਲੋਂ ਦਸਵੀਂ ਜਮਾਤ ਦੇ ਹਰੇਕ ਸੈਕਸ਼ਨ ਏ, ਬੀ ਅਤੇ ਸੀ ਵਿੱਚੋਂ ਅੱਵਲ ਆਏ ਵਿਦਿਆਰਥੀਆਂ ਨੂੰ 1100-1100 ਰੁਪਏ ਦੇ ਨਕਦ ਇਨਾਮ ਵੀ ਦਿੱਤੇ ਗਏ।ਸੁਧਾ ਕੁਮਾਰੀ ਹੈੱਡ ਮਿਸਟ੍ਰੈਸ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 2024-25 ਸੈਸ਼ਨ ਦੀ ਦਸਵੀਂ ਜਮਾਤ ਦੇ 100% ਵਿਦਿਆਰਥੀ ਅਗਲੀ ਸ਼੍ਰੇਣੀ ਵਿੱਚ ਦਾਖਲਾ ਲੈਣ ਦੇ ਯੋਗ ਹੋ ਗਏ ਹਨ, ਜੋ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਲਗਨ ਦਾ ਨਤੀਜਾ ਹੈ।ਇਸ ਮੌਕੇ ਦਸਵੀਂ ਏ ਦੇ ਇੰਚਾਰਜ ਜਸਵਿੰਦਰ ਕੌਰ ਨੰਦਾ, ਦਸਵੀਂ ਬੀ ਦੇ ਇੰਚਾਰਜ ਰਾਜਿੰਦਰ ਸਿੰਘ ਚਾਨੀ ਅਤੇ ਦਸਵੀਂ ਸੀ ਦੀ ਇੰਚਾਰਜ ਰੋਜ਼ੀ ਭਟੇਜਾ ਨੇ ਵੀ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਅਤੇ ਆਸ਼ੀਰਵਾਦ ਦਿੱਤੇ।ਸਨਮਾਨਿਤ ਹੋਣ ਵਾਲੇ ਵਿਦਿਆਰਥੀਆਂ ਵਿੱਚ ਅਨੁ ਕੁਮਾਰੀ, ਮਹਿਕ, ਪ੍ਰਭਜੋਤ ਕੌਰ, ਵਤਨਪ੍ਰੀਤ ਕੌਰ, ਉੱਜਵਲ, ਸੂਰਜ, ਅੰਜਲੀ, ਸਿੰਮੀ ਅਤੇ ਸਿਮਰਨਜੀਤ ਕੌਰ ਸ਼ਾਮਲ ਹਨ। ਇਨ੍ਹਾਂ ਵਿਦਿਆਰਥੀਆਂ ਦੇ ਮਾਪੇ ਅਤੇ ਸਰਪ੍ਰਸਤ ਵੀ ਸਮਾਰੋਹ ਵਿੱਚ ਮੌਜੂਦ ਰਹੇ।ਇਸ ਮੌਕੇ ਸਕੂਲ ਦੇ ਅਧਿਆਪਕ ਮੀਨਾ ਰਾਣੀ, ਹਰਜੀਤ ਕੌਰ, ਨਰੇਸ਼ ਧਮੀਜਾ, ਮਨਪ੍ਰੀਤ ਸਿੰਘ, ਗੁਲਜ਼ਾਰ ਖਾਂ, ਅਲਕਾ ਗੌਤਮ, ਗੁਰਜੀਤ ਕੌਰ, ਅਮਨਦੀਪ ਕੌਰ, ਮੀਨੂੰ ਅਗਰਵਾਲ, ਪੂਨਮ ਨਾਗਪਾਲ, ਸੁਖਵਿੰਦਰ ਕੌਰ, ਸੋਨੀਆ ਰਾਣੀ, ਸੁਨੀਤਾ ਰਾਣੀ, ਤਲਵਿੰਦਰ ਕੌਰ, ਕਿੰਪੀ ਬਤਰਾ, ਮਨਿੰਦਰ ਕੌਰ, ਅਮਿਤਾ ਤਨੇਜਾ, ਰਵੀ ਕੁਮਾਰ ਅਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# GURDWARA BABA SANG JI SMETHWICK, BIRMINGHAM

# 6TH - 8TH JUNE












**Naujawan Sewak Sabha Birmingham UK**

## COMMEMORATING THE SHAHEEDI DIVAS OF DHAN DHAN SRI GURU ARJAN DEV MAHARAJ JI AND ALL SHAHEEDS OF JUNE 1984

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR



## Sunday 8th June 2025 (12PM)

ਆਵਾਜ਼ਿ ਕੌਮ AWAZE QAUM International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**

**Design & Printed by Star Signs & Displays - 0121 572 0909**